ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV


awazeqaumtvpunjab@gmail.com

ਵੀਰਵਾਰ, 30 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੧੫ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਜੋਤੀ ਦੀ ਮੌਤ ਮਾਮਲੇ 'ਚ ਪੰਜਾਬ ਯੂਨੀਵਰਸਿਟੀ ਦਾ ਵੱਡਾ ਐਕਸ਼ਨ, ਐਕਸੀਅਨ ਅਤੇ SDO ਮੁਅੱਤਲ

**ਚੰਡੀਗੜ੍ਹ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਯੂਨੀਵਰਸਿਟੀ 'ਚ ਕਰੰਟ ਲੱਗਣ ਕਾਰਨ ਪੀ. ਐੱਚ. ਡੀ. ਖੋਜਾਰਥਣ ਜੋਤੀ ਦੀ ਮੌਤ ਦੇ ਮਾਮਲੇ 'ਚ ਯੂਨੀਵਰਸਿਟੀ ਪ੍ਰਸ਼ਾਸਨ ਨੇ ਵੱਡੀ ਕਾਰਵਾਈ ਕੀਤੀ ਹੈ। ਯੂਨੀਵਰਸਿਟੀ ਪ੍ਰਸ਼ਾਸਨ ਨੇ ਵਰਕਸ ਵਿਭਾਗ ਦੇ ਐਗਜ਼ਿਕਊਟਿਵ ਇੰਜੀਨੀਅਰ (ਐਕਸੀਅਨ) ਅਨਿਲ ਠਾਕੁਰ ਅਤੇ ਕਾਰਜਕਾਰੀ ਸਬ-ਡਵੀਜ਼ਨਲ ਇੰਜੀਨੀਅਰ (ਇਲੈਕਟ੍ਰੀਕਲ) ਲਖਵਿੰਦਰ ਸਿੰਘ ਧਨੋਆ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਹੈ। ਦੋਵੇਂ ਅਧਿਕਾਰੀ ਜਾਂਚ ਪੂਰੀ ਹੋਣ ਜਾਂ ਅਗਲੇ ਹੁਕਮਾਂ ਤੱਕ ਮੁਅੱਤਲ ਰਹਿਣਗੇ। ਇਸ ਦੌਰਾਨ ਦੋਵੇਂ ਅਹੁਦਿਆਂ ਦਾ ਵਾਧੂ ਚਾਰਜ ਰਜਿਸਟਰਾਰ ਕੋਲ ਰਹੇਗਾ। ਇਸ ਦੌਰਾਨ ਮਾਮਲੇ 'ਚ ਸੈਕਟਰ-11 ਥਾਣੇ 'ਚ ਲਾਪਰਵਾਹੀ ਕਾਰਨ ਮੌਤ ਦਾ ਕੇਸ ਵੀ ਦਰਜ ਕਰ ਲਿਆ ਗਿਆ ਹੈ ਅਤੇ ਪੁਲਸ ਵੱਲੋਂ ਜਾਂਚ ਜਾਰੀ ਹੈ। ਯੂਨੀਵਰਸਿਟੀ ਨੇ ਜੋਤੀ ਦੇ ਪਰਿਵਾਰ ਲਈ 16 ਲੱਖ ਰੁਪਏ ਦੀ ਵਿੱਤੀ ਸਹਾਇਤਾ ਅਤੇ ਉਸ ਦੇ ਆਈ. ਟੀ. ਆਈ. ਪਾਸ ਭਰਾ ਨੂੰ ਨਿਯਮਾਂ ਅਨੁਸਾਰ ਨੌਕਰੀ ਦੇਣ ਦਾ ਐਲਾਨ ਕੀਤਾ ਹੈ।



## ਹੰਗਾਮੇ ਵਿਚਾਲੇ ਲੋਕ ਸਭਾ 'ਚ

# ਪਾਸ ਹੋਇਆ ਐਂਟੀ ਪੇਪਰ ਲੀਕ ਬਿੱਲ

**ਨਵੀਂ ਦਿੱਲੀ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਨੇ ਬੁੱਧਵਾਰ ਨੂੰ "ਲੋਕ ਪ੍ਰੀਖਿਆ (ਅਣਉਚਿਤ ਸਾਧਨਾਂ ਦੀ ਰੋਕਥਾਮ) ਸੋਧ ਬਿੱਲ, 2026' ਨੂੰ ਮਨਜ਼ੂਰੀ ਦੇ ਦਿੱਤੀ। ਵਿਰੋਧੀ ਧਿਰ ਦੇ ਹੰਗਾਮੇ ਵਿਚਾਲੇ ਹੀ ਪੇਪਰ ਲੀਕ ਨਾਲ ਜੁੜਿਆ 'ਲੋਕ ਪ੍ਰੀਖਿਆਵਾਂ (ਅਣਉੱਚਿਤ ਸਾਧਨਾਂ ਦੀ ਰੋਕਥਾਮ) ਸੋਧ ਬਿੱਲ, 2026' ਬੁੱਧਵਾਰ ਨੂੰ ਲੋਕ ਸਭਾ 'ਚ ਆਵਾਜ਼ ਵੋਟ ਨਾਲ ਪਾਸ ਹੋ ਗਿਆ। ਬਿੱਲ ਪਾਸ ਹੋਣ ਤੋਂ ਬਾਅਦ ਕਾਂਗਰਸ ਸੰਸਦ ਮੈਂਬਰਾਂ ਦੀ ਨਾਅਰੇਬਾਜ਼ੀ ਵਿਚਾਲੇ ਹੀ ਸਪੀਕਰ ਓਮ ਬਿਰਲਾ ਨੇ ਕਾਰਵਾਈ ਪੂਰੇ ਦਿਨ ਲਈ ਮੁਲਤਵੀ ਕਰ ਦਿੱਤੀ। ਲੋਕ ਪ੍ਰੀਖਿਆਵਾਂ (ਅਣਉਚਿਤ ਸਾਧਨਾਂ ਦੀ ਰੋਕਥਾਮ) ਸੋਧ ਬਿੱਲ, 2026 ਦੇ ਉਪਬੰਧਾਂ ਦੇ ਅਨੁਸਾਰ, ਪੇਪਰ ਲੀਕ ਕਰਨ ਜਾਂ ਪ੍ਰੀਖਿਆਵਾਂ 'ਚ ਅਣਉੱਚਿਤ ਸਾਧਨਾਂ ਦੀ ਵਰਤੋਂ ਕਰਨ ਦੇ ਦੋਸ਼ੀ ਪਾਏ ਜਾਣ ਵਾਲੇ ਵਿਅਕਤੀਆਂ ਨੂੰ ਘੱਟੋ-ਘੱਟ 5 ਸਾਲ ਅਤੇ ਵੱਧ ਤੋਂ ਵੱਧ 10 ਸਾਲ ਦੀ ਕੈਦ ਅਤੇ 50 ਲੱਖ ਰੁਪਏ ਤੱਕ ਦੇ ਜੁਰਮਾਨੇ ਦੀ ਸਜ਼ਾ ਦਿੱਤੀ ਜਾ ਸਕਦੀ ਹੈ। ਇਸੇ ਤਰ੍ਹਾਂ, ਸੰਗਠਿਤ ਅਪਰਾਧਾਂ ਨੂੰ ਘੱਟੋ-ਘੱਟ 7 ਸਾਲ ਦੀ ਕੈਦ ਅਤੇ 10 ਕਰੋੜ ਰੁਪਏ ਤੱਕ ਦੇ ਜੁਰਮਾਨੇ ਦੀ ਸਜ਼ਾ ਦੇਣ ਦਾ ਪ੍ਰਸਤਾਵ ਹੈ। ਪ੍ਰਸਤਾਵਿਤ ਸੋਧਾਂ ਦੇ ਤਹਿਤ, ਸਾਰੀਆਂ ਜਾਂਚਾਂ 2 ਮਹੀਨਿਆਂ ਦੇ ਅੰਦਰ ਪੂਰੀਆਂ ਹੋਣੀਆਂ ਚਾਹੀਦੀਆਂ ਹਨ। ਬਿੱਲ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਫਾਸਟ-ਟਰੈਕ ਅਦਾਲਤਾਂ ਸਥਾਪਤ ਕਰਨ ਦਾ ਵੀ ਨਿਰਦੇਸ਼ ਦਿੰਦਾ ਹੈ। ਇਹ ਅਦਾਲਤਾਂ ਚਾਰਜਸ਼ੀਟ ਦਾਇਰ ਹੋਣ ਦੇ ਤਿੰਨ ਮਹੀਨਿਆਂ ਦੇ ਅੰਦਰ ਮੁਕੱਦਮੇ ਦੀ ਕਾਰਵਾਈ ਪੂਰੀ ਕਰਨਗੀਆਂ।




## ਪੰਜਾਬ 'ਚ 11 ਪ੍ਰੀਖਿਆ ਪੇਪਰ ਲੀਕ ਹੋਣ ਦੇ ਮਾਮਲੇ ਦੀ ਕੇਂਦਰੀ ਜਾਂਚ ਦੇ ਹੁਕਮ ਦੇਣ ਗ੍ਰਹਿ ਮੰਤਰੀ : ਹਰਸਿਮਰਤ ਕੌਰ ਬਾਦਲ

**ਚੰਡੀਗੜ੍ਹ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਬਠਿੰਡਾ ਦੇ ਐਮ ਪੀ ਹਰਸਿਮਰਤ ਕੌਰ ਬਾਦਲ ਨੇ ਕੇਂਦਰੀਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਵਿਚ 11 ਪੇਪਰ ਲੀਕ ਹੋਣ ਦੇ ਮਾਮਲੇ ਦੀ ਕੇਂਦਰੀ ਜਾਂਚ ਦੇ ਹੁਕਮ ਦੇਣ ਤਾਂ ਜੋ ਬਹੁ ਕਰੋੜੀ ਘੁਟਾਲੇ ਦਾ ਪਰਦਾਫਾਸ਼ ਹੋ ਸਕੇ ਅਤੇ ਉਹਨਾਂ ਪੰਜ ਲੱਖ ਵਿਦਿਆਰਥੀਆਂ ਨੂੰ ਨਿਆਂ ਮਿਲ ਸਕੇ ਜੋ ਵਾਰ-ਵਾਰ ਪੇਪਰ ਲੀਕ ਕਾਰਨ ਪ੍ਰਭਾਵਤ ਹੋਏ ਹਨ। ਇਥੇ ਜਾਰੀ ਕੀਤੇ ਇਕ ਬਿਆਨ ਵਿਚ ਬਠਿੰਡਾ ਦੇ ਐਮ ਪੀ ਨੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਨੂੰ ਪੇਪਰ ਲੀਕ ਮਾਮਲੇ ਦੀ ਜਾਂਚ ਕਰਵਾਉਣ ਵਿਚ ਕੋਈ ਦਿਲਚਸਪੀ ਨਹੀਂ ਹੈ ਕਿਉਂਕਿ ਇਸ ਨਾਲ ਉਸਦੇ ਆਪਣੇ ਹੀ ਮੰਤਰੀ ਘਿਰ ਸਕਦੇ ਹਨ। ਉਹਨਾਂ ਕਿਹਾ ਕਿ ਇਸ ਵਾਸਤੇ ਲਾਜ਼ਮੀ ਹੈ ਕਿ ਇਸ ਅਪਰਾਧ ਦੇ ਗੁਨਾਹਗਾਰਾਂ ਨੂੰ ਸਜ਼ਾ ਮਿਲੇ ਕਿਉਂਕਿ ਉਹਨਾਂ ਨੇ ਸਾਰੀ ਪੀੜ੍ਹੀ ਦੇ ਭਵਿੱਖ ਨਾਲ ਖਿਲਵਾੜ ਕੀਤਾ ਹੈ। ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਪੰਜਾਬੀ ਇਸ ਗੱਲ ਤੋਂ ਪ੍ਰੇਸ਼ਾਨ ਹਨ ਕਿ ਆਪ ਸਰਕਾਰ ਪੇਪਰ ਲੀਕ ਦੇ ਮਾਮਲੇ ਵਿਚ ਜਵਾਬਦੇਹੀ ਤੈਅ ਨਹੀਂ ਕਰਨਾ ਚਾਹੁੰਦੀ। ਉਹਨਾਂ ਕਿਹਾ ਕਿ ਭਾਵੇਂ ਸਿੱਖਿਆ ਵਿਭਾਗ ਜਿਸਨੇ ਕਈ ਪ੍ਰੀਖਿਆਵਾਂ ਕਰਵਾਈਆਂ ਹਨ, ਦੇ ਕੰਮਕਾਜ ਵਿਚ ਕਈ ਗੰਭੀਰ ਤਰੁੱਟੀਆਂ ਹਨ, ਸਿਹਤ ਵਿਭਾਗ ਜਿਸਨੇ ਫਾਰਮੇਸੀ ਪੇਪਰ ਕਰਵਾਏ ਤੇ ਪੰਜਾਬ ਅਧੀਨ ਸੇਵਾਵਾਂ ਚੋਣ ਬੋਰਡ ਜਿਸਨੇ ਪੇਪਰ ਕਰਵਾਏ, ਉਸਦੇ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਗਈ। ਉਹਨਾਂ ਕਿਹਾ ਕਿ ਨਾ ਤਾਂ ਸਿੱਖਿਆ ਮੰਤਰੀ ਹਰਜੋਤ ਬੈਂਸ ਤੇ ਨਾ ਹੀ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੂੰ ਬਰਖ਼ਾਸਤ ਕੀਤਾ ਗਿਆ ਤੇ ਨਾ ਹੀ ਮੁੱਖ ਮੰਤਰੀ ਨੇ ਕੋਈ ਨੈਤਿਕ ਜ਼ਿੰਮੇਵਾਰੀ ਲਈ ਕਿਉਂਕਿ ਉਹ ਅਧੀਨ ਸੇਵਾਵਾਂ ਚੋਣ ਬੋਰਡ ਦੇ ਇੰਚਾਰਜ ਮੰਤਰੀ ਹਨ।



## ਪੰਜਾਬੀਆਂ ਨੂੰ ਕੋਈ ਰਾਹਤ ਨਹੀਂ ! ਕੈਨੇਡੀਅਨ ਮੰਤਰੀ ਨੇ ਦੇ'ਤਾ ਕੋਰਾ ਜਵਾਬ

**ਟੋਰਾਂਟੋ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ਵਿਚ ਭੁੱਖ ਹੜਤਾਲ 'ਤੇ ਬੈਠੇ ਪੰਜਾਬੀ ਵਿਦਿਆਰਥੀਆਂ ਨੂੰ ਕਿਸੇ ਕਿਸਮ ਦੀ ਰਾਹਤ ਦੇਣ ਤੋਂ ਸਾਫ਼ ਨਾਂਹ ਕਰਦਿਆਂ ਇਮੀਗ੍ਰੇਸ਼ਨ ਮੰਤਰੀ ਲੀਨਾ ਮੇਟਲੇਜ ਡਿਐਬ ਨੇ ਕਿਹਾ ਹੈ ਕਿ ਪੋਸਟ ਗ੍ਰੈਜੁਏਟ ਵਰਕ ਪਰਮਿਟ ਲਈ ਯੋਗਤਾ ਸ਼ਰਤਾਂ ਵਿਚ ਨਵੰਬਰ 2024 ਤੋਂ ਬਾਅਦ ਕੋਈ ਤਬਦੀਲੀ ਨਹੀਂ ਕੀਤੀ ਗਈ। ਇਮੀਗ੍ਰੇਸ਼ਨ ਮੰਤਰੀ ਨੇ ਮੰਨਿਆ ਕਿ ਇੰਟਰਨੈਸ਼ਨਲ ਸਟੂਡੈਂਟਸ ਦਾ ਕੈਨੇਡੀਅਨ ਅਰਥਚਾਰੇ ਵਿਚ ਵੱਡਾ ਯੋਗਦਾਨ ਹੈ ਅਤੇ ਕੈਨੇਡਾ ਸਰਕਾਰ ਕੌਮਾਂਤਰੀ ਵਿਦਿਆਰਥੀਆਂ ਦੇ ਮਸਲੇ ਸੁਲਝਾਉਣ ਲਈ ਰਾਜ ਸਰਕਾਰਾਂ ਨਾਲ ਤਾਲਮੇਲ ਅਧੀਨ ਕੰਮ ਕਰਦੀ ਰਹੇਗੀ। ਨਾਲ ਹੀ ਡਿਐਬ ਨੇ ਉਨ੍ਹਾਂ ਦਾਅਵਿਆਂ ਨੂੰ ਰੱਦ ਕਰ ਦਿੱਤਾ ਕਿ ਓਟਾਵਾ ਨੇ ਹਾਲ ਹੀ ਵਿੱਚ ਪੋਸਟ-ਗ੍ਰੈਜੂਏਸ਼ਨ ਵਰਕ ਪਰਮਿਟ ਨੂੰ ਨਿਯੰਤਰਿਤ ਕਰਨ ਵਾਲੇ ਨਿਯਮਾਂ ਨੂੰ ਸਖ਼ਤ ਕੀਤਾ ਹੈ।

ਲੀਨਾ ਡਿਐਬ ਨੇ ਦੁਹਰਾਇਆ ਕਿ ਕੈਲਗਰੀ ਜਾਂ ਐਡਮਿੰਟਨ ਦੇ ਵਿਦਿਆਰਥੀਆਂ ਨੂੰ ਫ਼ੈਡਰਲ ਨੀਤੀ ਵਿਚ ਤਬਦੀਲੀ ਕਰ ਕੇ ਵਰਕ ਪਰਮਿਟ ਤੋਂ ਇਨਕਾਰ ਨਹੀਂ ਕੀਤਾ ਗਿਆ। ਇਮੀਗ੍ਰੇਸ਼ਨ ਮੰਤਰੀ ਦੇ ਬਿਆਨ ਮਗਰੋਂ ਸੰਘਰਸ਼ ਦੇ ਰਾਹ ਤੁਰੇ ਪੰਜਾਬੀ ਵਿਦਿਆਰਥੀਆਂ ਨੂੰ ਕੁਝ ਮਾਯੂਸੀ ਤਾਂ ਹੋਈ ਪਰ ਉਨ੍ਹਾਂ ਨੇ ਮੰਜ਼ਿਲ 'ਤੇ ਪੁੱਜਣ ਤੱਕ ਡਟੇ ਰਹਿਣ ਦਾ ਅਹਿਦ ਵੀ ਕੀਤਾ। ਦੱਸ ਦੇਈਏ ਕਿ ਆਨਲਾਈਨ ਪਾਸਪੋਰਟ ਬਾਰੇ ਨਵੀਂ ਸਹੂਲਤ ਦਾ ਐਲਾਨ ਕਰਨ ਵੈਨਕੂਵਰ ਪੁੱਜੀ ਲੀਨਾ ਡਿਐਬ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇੰਟਰਨੈਸ਼ਨਲ ਸਟੂਡੈਂਟਸ ਬਾਰੇ ਟਿੱਪਣੀ ਕੀਤੀ।

ਉਸਨੇ ਸਵੀਕਾਰ ਕੀਤਾ ਕਿ ਸਰਕਾਰਾਂ ਨੇ ਹਾਲ ਹੀ ਦੇ ਸਾਲਾਂ ਵਿੱਚ ਅੰਤਰਰਾਸ਼ਟਰੀ ਵਿਦਿਆਰਥੀ ਪ੍ਰਣਾਲੀ ਦੇ ਅੰਦਰ ਸਮੱਸਿਆਵਾਂ ਦੀ ਪਛਾਣ ਕਰਨੀ ਸ਼ੁਰੂ ਕਰ ਦਿੱਤੀ ਹੈ, ਜਿਸ ਨਾਲ 2024 ਵਿੱਚ ਸੁਧਾਰ ਹੋਏ ਹਨ, ਪਰ ਵਿਵਾਦਿਤ ਪਰਮਿਟਾਂ ਲਈ ਯੋਗਤਾ ਮਾਪਦੰਡਾਂ ਨੂੰ ਬਰਕਰਾਰ ਰੱਖਿਆ ਹੈ। ਉਸਨੇ ਕਿਹਾ,"PGWP 'ਤੇ ਤੁਹਾਡੇ ਖਾਸ ਸਵਾਲਾਂ 'ਤੇ... ਕੋਈ ਬਦਲਾਅ ਨਹੀਂ ਹੋਇਆ ਹੈ।" ਲੀਨਾ ਮੁਤਾਬਕ, "ਹਮੇਸ਼ਾ ਤੋਂ ਇਹੀ ਨਿਯਮ ਰਿਹਾ ਹੈ ਕਿ ਗੈਰ-ਕ੍ਰੈਡਿਟ [ਪ੍ਰੋਗਰਾਮ] ਇਸ ਪੋਸਟ-ਗ੍ਰੈਜੂਏਟ ਵਰਕ ਪਰਮਿਟ ਦੇ ਹੱਕਦਾਰ ਨਹੀਂ ਹੁੰਦੇ।"



## ਭਾਰਤੀ ਸ਼ਹਿਰਾਂ ਦੇ ਸੁਧਾਰ ਲਈ ADB ਦੇਵੇਗਾ 1 ਅਰਬ ਡਾਲਰ ਦਾ ਕਰਜ਼ਾ

**ਨਵੀਂ ਦਿੱਲੀ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਏਸ਼ੀਅਨ ਵਿਕਾਸ ਬੈਂਕ (ADB) ਨੇ ਭਾਰਤ ਸਰਕਾਰ ਦੇ ਸ਼ਹਿਰੀ ਸੁਧਾਰ ਏਜੰਡੇ ਨੂੰ ਸਮਰਥਨ ਦੇਣ ਅਤੇ ਸ਼ਹਿਰਾਂ ਨੂੰ ਆਰਥਿਕ ਵਿਕਾਸ, ਨਵੀਨਤਾ ਅਤੇ ਜੀਵਨ ਦੀ ਬਿਹਤਰ ਗੁਣਵੱਤਾ ਦੇ ਕੇਂਦਰ ਵਜੋਂ ਵਿਕਸਤ ਕਰਨ ਲਈ 1 ਬਿਲੀਅਨ ਡਾਲਰ ਦੇ ਕਰਜ਼ੇ ਨੂੰ ਮਨਜ਼ੂਰੀ ਦਿੱਤੀ ਹੈ। ਮਨੀਲਾ-ਅਧਾਰਤ ਬਹੁ-ਪੱਖੀ ਵਿੱਤੀ ਸੰਸਥਾ ਨੇ ਭਾਰਤ ਦੇ ਪ੍ਰਮੁੱਖ ਛੱਤ ਵਾਲੇ ਸੂਰਜੀ ਸਿਸਟਮ ਤੈਨਾਤੀ ਪ੍ਰੋਗਰਾਮ ਦਾ ਵਿਸਤਾਰ ਕਰਨ ਲਈ 85 ਕਰੋੜ ਡਾਲਰ ਦੇ ਕਰਜ਼ੇ ਨੂੰ ਵੀ ਮਨਜ਼ੂਰੀ ਦਿੱਤੀ ਹੈ। ਪ੍ਰੋਗਰਾਮ ਦਾ ਉਦੇਸ਼ ਘਰਾਂ ਲਈ ਕਿਫਾਇਤੀ ਸਾਫ਼ ਊਰਜਾ ਤੱਕ ਪਹੁੰਚ ਵਧਾਉਣਾ ਅਤੇ ਛੱਤ ਵਾਲੇ ਸੂਰਜੀ ਊਰਜਾ ਦੀ ਵਿਆਪਕ ਵਰਤੋਂ ਨੂੰ ਤੇਜ਼ ਕਰਨਾ ਹੈ। ਮੰਗਲਵਾਰ ਨੂੰ ਜਾਰੀ ਇੱਕ ਬਿਆਨ ਵਿੱਚ, ADB ਨੇ ਕਿਹਾ ਕਿ ਸ਼ਹਿਰੀ ਪਰਿਵਰਤਨ ਅਤੇ ਨਿਵੇਸ਼ ਪ੍ਰੋਗਰਾਮ ਭਾਰਤ ਦੇ ਪ੍ਰਮੁੱਖ ਸ਼ਹਿਰੀ ਚੁਣੌਤੀ ਫੰਡ ਪ੍ਰੋਗਰਾਮ ਅਤੇ ਸੰਬੰਧਿਤ ਸੁਧਾਰਾਂ ਨੂੰ ਲਾਗੂ ਕਰਨ ਵਿੱਚ ਸਹਾਇਤਾ ਕਰੇਗਾ। ਇਸਦਾ ਉਦੇਸ਼ ਸ਼ਹਿਰੀ ਸੰਸਥਾਵਾਂ ਨੂੰ ਮਜ਼ਬੂਤ ਕਰਨਾ, ਏਕੀਕ੍ਰਿਤ ਆਰਥਿਕ ਅਤੇ ਸਥਾਨਿਕ ਯੋਜਨਾਬੰਦੀ ਵਿੱਚ ਸੁਧਾਰ ਕਰਨਾ ਅਤੇ ਸ਼ਹਿਰੀ ਸਥਾਨਕ ਸੰਸਥਾਵਾਂ ਦੀ ਵਿੱਤੀ ਸਥਿਤੀ ਨੂੰ ਮਜ਼ਬੂਤ ? ?ਕਰਨਾ ਹੈ। ADB ਨੇ ਕਿਹਾ ਕਿ ਇਹ ਪ੍ਰੋਗਰਾਮ ਔਰਤਾਂ ਅਤੇ ਕੁੜੀਆਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਜਲਵਾਯੂ-ਲਚਕੀਲੇ ਸ਼ਹਿਰੀ ਪੁਨਰ ਵਿਕਾਸ ਨੂੰ ਉਤਸ਼ਾਹਿਤ ਕਰੇਗਾ। ਇਸ ਵਿੱਚ ਆਵਾਜਾਈ-ਕੇਂਦ੍ਰਿਤ ਵਿਕਾਸ ਅਤੇ ਜਨਤਕ ਸਥਾਨਾਂ ਦਾ ਬਿਹਤਰ ਪ੍ਰਬੰਧਨ ਸ਼ਾਮਲ ਹੈ। ਇਹ ਨਗਰਪਾਲਿਕਾ ਬਾਂਡਾਂ ਅਤੇ ਨਗਰਪਾਲਿਕਾ ਸੰਸਥਾਵਾਂ ਲਈ ਹੋਰ ਬਾਜ਼ਾਰ-ਅਧਾਰਤ ਵਿੱਤ ਅਤੇ ਡਿਜੀਟਲ ਪ੍ਰਣਾਲੀਆਂ ਰਾਹੀਂ ਸ਼ਹਿਰੀ ਸ਼ਾਸਨ ਵਿੱਚ ਪਾਰਦਰਸ਼ਤਾ, ਕੁਸ਼ਲਤਾ ਅਤੇ ਸਬੂਤ-ਅਧਾਰਤ ਫੈਸਲੇ ਲੈਣ ਨੂੰ ਮਜ਼ਬੂਤ ਕਰੇਗਾ। ਏਡੀਬੀ ਅਨੁਸਾਰ, ਭਾਰਤ ਦਾ ਆਰਥਿਕ ਪਰਿਵਰਤਨ ਤੇਜ਼ੀ ਨਾਲ ਸ਼ਹਿਰੀਕਰਨ ਦੁਆਰਾ ਚਲਾਇਆ ਜਾ ਰਿਹਾ ਹੈ। ਸ਼ਹਿਰਾਂ ਦਾ ਦੇਸ਼ ਵਿੱਚ ਪੈਦਾ ਹੋਈਆਂ ਨਵੀਆਂ ਨੌਕਰੀਆਂ ਦਾ ਲਗਭਗ 70 ਪ੍ਰਤੀਸ਼ਤ ਹਿੱਸਾ ਹੈ ਅਤੇ ਕੁੱਲ ਘਰੇਲੂ ਉਤਪਾਦ (ਜੀਡੀਪੀ) ਵਿੱਚ ਲਗਭਗ 63 ਪ੍ਰਤੀਸ਼ਤ ਯੋਗਦਾਨ ਹੈ, ਇਹ ਅੰਕੜਾ 2030 ਤੱਕ 75 ਪ੍ਰਤੀਸ਼ਤ ਤੱਕ ਵਧਣ ਦਾ ਅਨੁਮਾਨ ਹੈ। ਹਾਲਾਂਕਿ, ਬਹੁਤ ਸਾਰੇ ਸ਼ਹਿਰਾਂ ਨੂੰ ਅਜੇ ਵੀ ਸੰਸਥਾਗਤ ਸਮਰੱਥਾ, ਵਿੱਤੀ ਸਰੋਤ ਅਤੇ ਬਾਜ਼ਾਰ-ਅਧਾਰਤ ਵਿੱਤ ਤੱਕ ਸੀਮਤ ਪਹੁੰਚ ਵਰਗੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੂਰਜੀ ਊਰਜਾ ਨੂੰ ਅਪਣਾਉਣ ਨੂੰ ਉਤਸ਼ਾਹਿਤ ਕਰਨ ਲਈ 85 ਕਰੋੜ ਦੀ ਕਰਜ਼ਾ ਸਹੂਲਤ 'ਤੇ ਇੱਕ ਵੱਖਰੇ ਬਿਆਨ ਵਿੱਚ, ਏਡੀਬੀ ਨੇ ਕਿਹਾ ਕਿ ਇਹ ਪ੍ਰੋਗਰਾਮ ਭਾਰਤ ਵਿੱਚ ਵੱਡੇ ਪੱਧਰ 'ਤੇ ਸੂਰਜੀ ਊਰਜਾ ਦੇ ਵਿਸਥਾਰ ਦਾ ਸਮਰਥਨ ਕਰੇਗਾ। ਇਸ ਤੋਂ ਇਲਾਵਾ, ਇਹ ਸਾਫ਼ ਊਰਜਾ ਨੂੰ ਲੱਖਾਂ ਪਰਿਵਾਰਾਂ ਲਈ ਵਧੇਰੇ ਕਿਫਾਇਤੀ ਅਤੇ ਪਹੁੰਚਯੋਗ ਬਣਾਏਗਾ।



## ਬੇਅਦਬੀ ਵਿਰੋਧੀ ਕਾਨੂੰਨ 'ਚ ਸੋਧ ਲਈ ਦਿੱਤਾ ਅਲਟੀਮੇਟਮ ਖ਼ਤਮ, 'ਆਪ' ਵਿਧਾਇਕਾਂ ਦਾ ਵਫ਼ਦ ਸ੍ਰੀ ਅਕਾਲ ਤਖਤ ਸਾਹਿਬ ਪਹੁੰਚਿਆ



**ਚੰਡੀਗੜ੍ਹ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਵਿਰੁੱਧ ਪੰਜਾਬ ਸਰਕਾਰ ਵੱਲੋਂ ਲਿਆਂਦੇ ਗਏ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026 'ਚ ਕਮੀਆਂ ਨੂੰ ਦੂਰ ਕਰਨ ਲਈ ਸਮਾਂ ਦਿੱਤਾ ਗਿਆ ਸੀ, ਜੋ ਕਿ ਅੱਜ 29 ਜੁਲਾਈ ਨੂੰ ਖਤਮ ਹੋ ਗਿਆ। ਇਸ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦਾ ਇੱਕ ਵਫ਼ਦ ਡਾ. ਇੰਦਰਬੀਰ ਸਿੰਘ ਨਿੱਝਰ ਦੀ ਅਗਵਾਈ ਹੇਠ ਸ੍ਰੀ ਅਕਾਲ ਤਖਤ ਸਾਹਿਬ 'ਤੇ ਪਹੁੰਚਿਆ ਹੈ। ਦੱਸਿਆ ਜਾ ਰਿਹਾ ਹੈ ਕਿ ਵਫ਼ਦ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਅੱਗੇ ਪੰਜਾਬ ਸਰਕਾਰ ਦਾ ਪੱਖ ਰੱਖਿਆ ਜਾਵੇਗਾ। ਜਾਣਕਾਰੀ ਅਨੁਸਾਰ, ਪੰਜਾਬ ਸਰਕਾਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਕਾਨੂੰਨ 'ਚ ਸੋਧਾਂ ਲਈ ਇੱਕ ਮਹੀਨੇ ਦਾ ਸਮਾਂ ਮਿਲਿਆ ਸੀ, ਜਿਸ ਪਿੱਛੋਂ ਅੱਜ ਆਪ ਵਿਧਾਇਕਾਂ ਦੇ ਵਫ਼ਦ ਨੇ ਇਕੱਠੇ ਪਹੁੰਚ ਕੇ ਕਾਨੂੰਨ 'ਚ ਸੋਧਾਂ ਵਾਲਾ ਖਰੜਾ ਸੌਂਪਿਆ ਹੈ। ਵਫ਼ਦ ਵੱਲੋਂ ਡਾ. ਇੰਦਰਬੀਰ ਸਿੰਘ ਨਿੱਝਰ ਨੇ ਦੱਸਿਆ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਇਤਰਾਜ਼ ਮੁਤਾਬਕ ਕਾਨੂੰਨ 'ਚ ਸੋਧਾਂ ਕੀਤੀਆਂ ਗਈਆਂ ਹਨ। ਖਰੜਾ ਸੌਂਪਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਇੰਦਰਬੀਰ ਸਿੰਘ ਨਿੱਝਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਾਨੂੰਨ 'ਚ ਸ੍ਰੀ ਅਕਾਲ ਤਖਤ ਸਾਹਿਬ ਦੇ ਇਤਰਾਜ਼ਾਂ ਅਨੁਸਾਰ ਸਿੱਖ ਕੌਮ ਦੇ ਸਾਰੇ ਸ਼ੰਕੇ ਦੂਰ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮਾਨਸੂਨ ਸੈਸ਼ਨ 'ਚ ਬਿੱਲ ਲਿਆਉਣ 'ਤੇ ਅਜੇ ਸਸਪੈਂਸ ਹੈ। ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ ਤੋਂ ਬਾਅਦ ਹੀ ਅਗਲਾ ਫੈਸਲਾ ਲਿਆ ਜਾਵੇਗਾ। ਦੱਸਿਆ ਜਾ ਰਿਹਾ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ ਅਨੁਸਾਰ ਪੰਜਾਬ ਸਰਕਾਰ ਦੇ ਨੁਮਾਇੰਦੇ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਤਲਵਿੰਦਰਜੀਤ ਵੱਲੋਂ ਇਤਰਾਜਯੋਗ ਮੱਦਾਂ 'ਚ ਸੋਧ ਕਰਕੇ ਤਿਆਰ ਕਰਨ ਉਪਰੰਤ ਖਰੜਾ ਸਕੱਤਰੇਤ ਵਿਖੇ ਸੌਂਪਿਆ ਗਿਆ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।


**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

# ਗੁਰਮਤਿ ਸਮਾਗਮ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਪੰਥ ਪ੍ਰਸਿੱਧ ਢਾਡੀ ਜਥਾ ਗਿਆਨੀ ਗੁਰਪ੍ਰਤਾਪ ਸਿੰਘ ਪਦਮ ਢਾਡੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

## ਸ਼ਨਿੱਚਰਵਾਰ 1 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸੱਜਣਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**


ਆਵਾਜ਼ਿ ਕੌਮ
AWAZE QAUM
International Newspaper & WEB TV
Gurmat
KATHA SAMAGAM
GIANI RAJPAL SINGH JI BOPARAI
Kathavachak
Gurdwara Shaheedan Baba Nihal Singh Ji, Talhan Sahib Wale
Whatsapp: +91 9478897960
27 JULY
TO
2 AUG 2026
DAILY : 6:00 AM TO 6:45 AM
6:00 PM TO 7.00 PM
SUNDAY 2 AUG 2026
11:40 AM TO 12: 45 AM
VENUE:
GURU NANAK GURDWARA, WALSALL, ENGLAND
162 W Bromwich St, Walsall WS1 4DE

ਆਈਡੀਅਲ ਕੌਨਵੈਂਟ ਸਕੂਲ ਹਠੂਰ ਦੀ ਵਿਦਿਆਰਥਣ ਸਨਮਾਨਿਤ

# ਸਕੂਲ ਸਟਾਫ ਨੇ ਵਿਦਿਆਰਥਣ ਸਿਮਰਨ ਕੌਰ ਨੂੰ ਦਿੱਤੀਆਂ ਮੁਬਾਰਕਾਂ



**ਹਠੂਰ / ਜਗਰਾਉਂ,(ਵਰਿਆਮ ਹਠੂਰ)**-ਇਤਿਹਾਸਕ ਕਸਬਾ ਹਠੂਰ ਵਿਖੇ ਸਥਿੱਤ ਆਈਡੀਅਲ ਕੌਨਵੈਂਟ ਸਕੂਲ ਦੀ ਹੋਣਹਾਰ ਵਿਦਿਆਰਥਣ ਸਿਮਰਨ ਕੌਰ ਨੇ ਟਰੱਸਟ ਵੱਲੋਂ ਕਰਵਾਏ ਲਾਇਵ ਸਿਮਰਨ ਮੁਕਾਬਲੇ ਵਿੱਚ ਭਾਗ ਲਿਆ ਤੇ ਪੁਜੀਸਨ ਹਾਸਿਲ ਕੀਤੀ, ਟਰੱਸਟ ਵੱਲੋਂ ਇਨਾਮ ਵਜੋਂ ਵਿਦਿਆਰਥਣ ਸਿਮਰਨ ਕੌਰ ਨੂੰ ਸਮਾਰਟ ਵਾਚ, ਗੁਰਬਾਣੀ ਸਪੀਕਰ, ਫੋਨ ਸਟੈਂਡ ਅਤੇ ਮੈਡਲ ਪ੍ਰਾਪਤ ਕੀਤਾ, ਸਕੂਲ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ, ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਸਮੇਤ ਸਮੂਹ ਸਕੂਲ ਸਟਾਫ ਨੇ ਵਿਦਿਆਰਥਣ ਸਿਮਰਨ ਕੌਰ ਨੂੰ ਵਧਾਈਆਂ ਦਿੰਦੇ ਹੋਏ ਕਿਹਾ ਕਿ ਸਾਡੇ ਸਕੂਲ ਦੀ ਵਿਦਿਆਰਥਣ ਸਿਮਰਨ ਕੌਰ ਹੋਣਹਾਰ ਵਿਦਿਆਰਥਣ ਹੈ। ਤੇ ਸਾਨੂੰ ਸਿਮਰਨ ਕੌਰ ਤੇ ਤੇ ਮਾਣ ਹੈ। ਉਨ੍ਹਾਂ ਅੱਗੇ ਕਿਹਾ ਕਿ ਸਾਡੇ ਸਕੂਲ ਵਿੱਚ ਬੱਚਿਆਂ ਨੂੰ ਚੰਗੀ ਵਿੱਦਿਆ ਦੇਣ ਦੇ ਨਾਲ ਨਾਲ ਜਿੱਥੇ ਖੇਡਾਂ ਨਾਲ ਜੋੜਿਆ ਜਾਂਦਾ ਹੈ। ਉੱਥੇ ਸਮੇਂ ਸਮੇਂ ਨਾਲ ਹਰ ਤਰ੍ਹਾਂ ਦੀ ਐਕਟੀਵਿਟੀ ਕਰਵਾਈ ਜਾਂਦੀ ਹੈ। ਤੇ ਬੱਚਿਆਂ ਨੂੰ ਅੱਛੇ ਸੰਸਕਾਰ ਦਿੱਤੇ ਜਾਂਦੇ ਹਨ। ਸਾਡੇ ਸਕੂਲ ਦਾ ਮਿਹਨਤੀ ਸਟਾਫ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਲਗਤਾਰ ਮਿਹਨਤ ਕਰ ਰਿਹਾ ਹੈ।

ਜਗਦੀਸ਼ ਸਿੰਘ ਬਮਰਾਹ ਦੀ ਪੁਸਤਕ 'ਪਾਕਿਸਤਾਨ ਫੇਰੀ ਦੀਆਂ ਮਿੱਠੀਆਂ ਯਾਦਾਂ' ਦਾ ਲੋਕ ਅਰਪਿਤ ਸਮਾਗਮ

# ਪੁਰਖਿਆਂ ਦੀ ਧਰਤੀ ਨੂੰ ਯਾਦ ਕਰਕੇ ਕਈ ਵਾਰ ਭਾਵੁਕ ਹੋਏ ਬੁਲਾਰੇ





**ਚੌਕ ਮਹਿਤਾ, 29 ਜੁਲਾਈ- (ਬਾਬਾ ਸੁਖਵੰਤ ਸਿੰਘ ਚੰਨਣਕੇ)** -ਪਿਛਲੇ 41 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸਰਗਰਮੀਆਂ ਰਚਾਉਣ ਵਾਲੀ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ) ਵਿਖੇ ਕਰਵਾਇਆ ਗਿਆ । ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸ੍ਰੀ ਸੀ: ਮੀਤ ਪ੍ਰਧਾਨ ਮੱਖਣ ਕੁਹਾੜ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਦਫਤਰ ਸਕੱਤਰ ਦੀਪ ਦਵਿੰਦਰ ਸਿੰਘ, ਕਾਰਜਕਾਰੀ ਮੈਂਬਰ ਗੁਰਮੀਤ ਸਿੰਘ ਬਾਜਵਾ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਸ: ਹਰਦਰਸ਼ਨ ਸਿੰਘ ਕਮਲ (ਜਨਰਲ ਸਕੱਤਰ ਮਾਝਾ ਜਨਵਾਦੀ ਲੇਖਕ ਸਭਾ), ਸ: ਕੁਲਵਿੰਦਰ ਸਿੰਘ ਗਾਖਲ (ਪ੍ਰਧਾਨ ਪੰਜਾਬ ਸਾਹਿਤਕ ਮੰਚ, ਜਲੰਧਰ), ਡਾ: ਗਗਨਦੀਪ (ਪ੍ਰਧਾਨ ਮਝੈਲਾਂ ਦੀ ਸੱਥ) ਅਤੇ ਪ੍ਰੋ: ਬਖਤਾਵਰ ਧਾਲੀਵਾਲ (ਜਨਰਲ ਸਕੱਤਰ ਸ਼ਬਦ ਨਾਦ ਮੰਚ) ਅਤੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ ਸ਼ੁਸ਼ੋਭਿਤ ਹੋਏ ।ਇਸ ਮੌਕੇ ਸਾਈ ਮੀਆਂ ਮੀਰ ਇੰਟਰਨੈਸ਼ਨਲ ਫਾਊਂਡੇਸ਼ਨ ਦੇ ਚੇਅਰਮੈਨ ਸ੍ਰ ਹਰਭਜਨ ਸਿੰਘ ਬਰਾੜ, ਡਾਕਟਰ ਮਨਜੀਤ ਸਿੰਘ ਢਿੱਲੋਂ, ਪ੍ਰੋਫੈਸਰ ਸੁਰਿੰਦਰ ਪਾਲ ਸਿੰਘ ਮੰਡ ਅਤੇ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਕਾਲਾ ਗਾਜੀਆਣਾ ਦੇ ਨਾਲ ਪੰਜ ਮੈਂਬਰੀ ਵਫ਼ਦ ਦੇ ਰੂਪ ਵਿੱਚ ਪਾਕਿਸਤਾਨ ਦੀ ਫੇਰੀ ਲਗਾ ਕੇ ਆਏ, ਰੋਜ਼ਾਨਾ 'ਅਜੀਤ' ਦੇ ਪ੍ਰਤੀਨਿਧ ਅਤੇ ਨਾਮਵਰ ਲੇਖਕ ਸ: ਜਗਦੀਸ਼ ਸਿੰਘ ਬਮਰਾਹ ਦੀ ਪੁਸਤਕ 'ਪਾਕਿਸਤਾਨ ਫੇਰੀ ਦੀਆਂ ਮਿੱਠੀਆਂ ਯਾਦਾਂ' ਲੋਕ ਅਰਪਿਤ ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤੀ ਗਈ । ਇਸ ਕਿਤਾਬ ਲਿੱਖਣ ਬਾਰੇ ਗੱਲ ਕਰਦਿਆਂ ਜਗਦੀਸ਼ ਸਿੰਘ ਬਮਰਾਹ ਨੇ ਦੱਸਿਆ 15 ਦਿਨਾਂ ਦੀ ਇਸ ਪਾਕਿਸਤਾਨ ਫੇਰੀ ਸਮੇਂ ਲਹਿੰਦੇ ਪੰਜਾਬ ਦੇ ਲੋਕਾਂ ਨੇ ਜਿਸ ਤਰ੍ਹਾਂ ਵੱਖ-ਵੱਖ ਥਾਵਾਂ ਤੇ ਸਾਡਾ ਸਵਾਗਤ ਕੀਤਾ, ਪ੍ਰਾਹੁਣਚਾਰੀ ਨਿਭਾਈ , ਮਾਣ ਸਤਿਕਾਰ ਕੀਤਾ ਉਹ ਸਾਰੀ ਉਮਰ ਭੁਲਾਇਆ ਨਹੀਂ ਜਾ ਸਕਦਾ। ਉਹਨਾਂ ਲੋਕਾਂ ਨੇ ਆਪਣੀ ਪ੍ਰਾਹੁਣਚਾਰੀ ਨਾਲ ਜੋ ਕਰਜ਼ਾ ਸਾਡੇ ਸਿਰ ਉੱਤੇ ਚਾੜ੍ਹਿਆ ਹੈ, ਇਹ ਕਿਤਾਬ ਲਿੱਖਣੀ, ਉਸ ਕਰਦੇ ਨੂੰ ਉਤਾਰਨ ਦਾ ਇਹ ਇੱਕ ਛੋਟਾ ਜਿਹਾ ਉਪਰਾਲਾ ਹੈ ।ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੇ ਪ੍ਰਧਾਨ ਸੁਖਵੰਤ ਕੌਰ ਵੱਸੀ, ਹਰਮੇਸ਼ ਕੌਰ ਜੋਧੇ ਸਾ: ਜ਼ਿਲ੍ਹਾ ਭਾਸ਼ਾ ਅਫਸਰ, ਰਾਜਵਿੰਦਰ ਕੌਰ ਰਾਜ, ਸੁਰਿੰਦਰ ਖਿਲਚੀਆਂ, ਸੁਖਵਿੰਦਰ ਕੌਰ ਬਟਾਲਾ, ਹਰਵਿੰਦਰਜੀਤ ਕੌਰ ਬਾਠ, ਮੰਗਤ ਚੈਂਚਲ ਗੁਰਦਾਸਪੁਰ, ਸੀਤਲ ਸਿੰਘ ਗੁਨੋਵਾਲ, ਨਿਸ਼ਾਨ ਸਿੰਘ ਜੌੜਾ ਸਿੰਘਾਂ, ਜਸਮੇਲ ਸਿੰਘ ਜੋਧੇ, ਨਵਦੀਪ ਸਿੰਘ ਬਦੇਸ਼ਾ, ਮਾ: ਧਰਮ ਸਿੰਘ ਧਿਆਨਪੁਰ, ਮਨਦੀਪ ਸਿੰਘ ਬੋਪਰਾਏ, ਅਕਾਸ਼ਦੀਪ ਸਿੰਘ, ਸੂਬੇਦਾਰ ਹਰਜੀਤ ਸਿੰਘ, ਸੋਨੂੰ ਸੁਲਤਾਨ, ਨਿਸ਼ਾਨ ਸਿੰਘ (ਮਜਲਸ), ਮਾ: ਬਲਬੀਰ ਸਿੰਘ ਬੀਰ, ਡਾ: ਅਮਨਦੀਪ ਸਿੰਘ ਬਿਆਸ, ਬਲਵਿੰਦਰ ਸਿੰਘ ਅਠੌਲਾ, ਜਸਬੀਰ ਸਿੰਘ ਨਾਰਲਾ, ਪਰਮਜੀਤ ਸਿੰਘ ਸਿਤਾਰਾ, ਹਰਪ੍ਰੀਤ ਸਿੰਘ ਜੱਲੂਵਾਲ, ਹਰਜਿੰਦਰ ਸਿੰਘ ਜਿੰਦੀ ਮਠੌਲਾ, ਕੁਲਦੀਪ ਸਿੰਘ ਰਤਨ, ਤਰਸੇਮ ਜਲੰਧਰੀ, ਡਾ: ਸਰਬਜੀਤ ਸਿੰਘ ਬਿੱਲਾ, ਸੁਰਜੀਤ ਸਿੰਘ ਫੇਰੂਮਾਨ, ਲਖਵਿੰਦਰ ਸਿੰਘ ਉੱਪਲ, ਹਿੰਦ ਗਹਿਰੀਮੰਡੀ, ਅਜੀਤ ਸਿੰਘ ਸਠਿਆਲਵੀ, ਬਲਦੇਵ ਸਿੰਘ ਸਠਿਆਲਾ, ਅਜੈਬ ਸਿੰਘ ਬੋਦੇਵਾਲ, ਸਕੱਤਰ ਸਿੰਘ ਪੁਰੇਵਾਲ, ਹਰਜਿੰਦਰ ਸਿੰਘ, ਜਗਦੀਸ਼ ਸਿੰਘ ਕਲਾਨੌਰ, ਸਰਪੰਚ ਗੁਰਿੰਦਰ ਸਿੰਘ ਬੁਝਿਆਂਵਾਲੀ, ਦਵਿੰਦਰ ਸਿੰਘ ਭੋਲਾ, ਗੁਰਹਰਪ੍ਰੀਤ ਸਿੰਘ ਰਾਣਾ ਚੂੰਗ, ਜਗਤਾਰ ਸਿੰਘ ਸੰਧੂ, ਸੰਨਪ੍ਰੀਤ ਸਿੰਘ ਮਣੀ, ਕੈਪਟਨ ਸਿੰਘ ਮਹਿਤਾ, ਜਤਿੰਦਰ ਸਿੰਘ ਆਦਿ ਨੇ ਕਾਵਿ ਰਚਨਾਵਾਂ ਰਾਹੀਂ ਚੰਗਾ ਰੰਗ ਬੰਨਿਆ ।ਇਸ ਮੌਕੇ ਸਭਾ ਵੱਲੋਂ ਪੁਜੀਆਂ ਸਖਸ਼ੀਅਤਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ । ਮੰਚ ਸੰਚਾਲਨ ਦੇ ਫਰਜ਼ ਸਭਾ ਦੇ ਮੁੱਖ ਸੰਚਾਲਕ ਸ਼ੇਲੰਦਿਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ।

# ਸੰਤ ਬਾਬਾ ਸੱਜਣ ਸਿੰਘ ਨੇ ਨਿਊਜ਼ੀਲੈਂਡ ਦੀਆਂ ਸੰਗਤਾਂ ਨੂੰ ਸਿੱਖੀ ਨਾਲ ਜੁੜਨ ਦਾ ਦਿੱਤਾ ਸੁਨੇਹਾ

ਨਿਊਜ਼ੀਲੈਂਡ ਵਿਖੇ ਸੰਤ ਬਾਬਾ ਸੱਜਣ ਸਿੰਘ ਜੀ ਦੇ ਸਤਿਕਾਰ 'ਚ ਜਰਮਨਜੀਤ ਸਿੰਘ ਵੱਲੋਂ ਸਨਮਾਨ ਚਿੰਨ ਭੇਟ ਕਰਨ ਮੌਕੇ ਸਿੱਖ ਸੰਗਤਾਂ



ਚੌਕ ਮਹਿਤਾ, 29ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)—ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਇਤਿਹਾਸਿਕ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ(ਮੱਤੇਵਾਲ) ਦੇ ਮੌਜੂਦਾ ਮੁੱਖੀ ਸੰਤ ਬਾਬਾ ਸੱਜਣ ਸਿੰਘ ਜੀ ਇਨ੍ਹੀਂ ਦਿਨੀਂ ਨਿਊਜ਼ੀਲੈਂਡ ਦੀ ਧਰਤੀ 'ਤੇ ਪਹੁੰਚੇ ਹੋਏ ਹਨ, ਜਿੱਥੇ ਵੱਖ-ਵੱਖ ਥਾਵਾਂ 'ਤੇ ਵੱਸਦੀਆਂ ਸਿੱਖ ਸੰਗਤਾਂ ਵੱਲੋਂ ਉਨ੍ਹਾਂ ਦਾ ਬੇਹੱਦ ਨਿੱਘੇ ਦਿਲ ਨਾਲ ਸਵਾਗਤ ਕੀਤਾ ਜਾ ਰਿਹਾ ਹੈ। ਸੰਤ ਬਾਬਾ ਸੱਜਣ ਸਿੰਘ ਜੀ ਨਿਊਜ਼ੀਲੈਂਡ ਵਿਖੇ ਵੱਸਦੀਆਂ ਸਿੱਖ ਸੰਗਤਾਂ ਨੂੰ ਜਿੱਥੇ ਸਿੱਖੀ ਸਰੂਪ ਧਾਰਨ ਕਰਨ, ਨਿਤਨੇਮ ਨਾਲ ਜੁੜਨ ਅਤੇ ਗੁਰਬਾਣੀ ਦੇ ਲੜ ਲੱਗ ਕੇ ਆਪਣਾ ਜੀਵਨ ਸਫਲ ਬਣਾਉਣ ਦੀ ਪ੍ਰੇਰਣਾ ਦੇ ਰਹੇ ਹਨ, ਉਥੇ ਹੀ ਵਿਦੇਸ਼ੀ ਮਾਪਿਆਂ ਨੂੰ ਆਪਣੇ ਬੱਚਿਆਂ ਪ੍ਰਤੀ ਸੁਹਿਰਦ ਹੋਣ, ਉਨ੍ਹਾਂ ਨੂੰ ਸਿੱਖੀ ਸਿਧਾਂਤਾਂ, ਗੁਰਮਤਿ ਵਿਚਾਰਧਾਰਾ ਅਤੇ ਸਿੱਖ ਵਿਰਸੇ ਨਾਲ ਜੋੜਨ ਦੀ ਸੇਧ ਦੇ ਰਹੇ ਹਨ। ਇਸੇ ਲੜੀ ਤਹਿਤ ਸੰਤ ਬਾਬਾ ਸੱਜਣ ਸਿੰਘ ਜੀ ਪ੍ਰਧਾਨ ਅਜਮੇਰ ਸਿੰਘ ਦੇ ਸਪੁੱਤਰ ਅਤੇ ਪ੍ਰਧਾਨ ਜਸਪ੍ਰੀਤ ਸਿੰਘ ਛੋਟੇ ਭਰਾਤਾ ਪਿੰਡ ਨਿੱਕਾ ਚੰਨਣਕੇ ਦੇ ਜੰਮਪਲ ਜਰਮਨਜੀਤ ਸਿੰਘ ਦੇ ਵਿਸ਼ੇਸ਼ ਸੱਦੇ 'ਤੇ ਨਿਊਜ਼ੀਲੈਂਡ ਦੇ ਸ਼ਹਿਰ ਔਕਲੈਂਡ ਸਥਿਤ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ, ਉਨਾਂ ਦੇ ਨਾਲ ਭਾਈ ਬਿਕਰਮ ਸਿੰਘ ਬੰਬੇ ਵਾਲੇ ਵੀ ਮੌਜੂਦ ਸਨ। ਇਸ ਦੌਰਾਨ ਸਮੂਹ ਪਰਿਵਾਰ ਨੇ ਸੰਤ ਬਾਬਾ ਸੱਜਣ ਸਿੰਘ ਜੀ ਦਾ ਨਿੱਘਾ ਸਵਾਗਤ ਕਰ ਦਿਆਂ ਉਨ੍ਹਾਂ ਨੂੰ 'ਜੀ ਆਇਆਂ' ਆਖਿਆ, ਅਤੇ ਸਤਿਕਾਰ ਵਜੋਂ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਪਰਿਵਾਰਕ ਮੈਂਬਰਾਂ ਅਤੇ ਸੰਗਤਾਂ ਨੇ ਸੰਤ ਬਾਬਾ ਸੱਜਣ ਸਿੰਘ ਜੀ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ ਅਤੇ ਉਨ੍ਹਾਂ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ।

# ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ ਵਿਦਿਆਰਥੀਆਂ ਨੇ ਲਗਾਏ ਪੌਦੇ, ਵਾਤਾਵਰਨ ਸੰਭਾਲ ਦਾ ਦਿੱਤਾ ਸੰਦੇਸ਼



**ਚੌਕ ਮਹਿਤਾ, 29 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਇੱਕ ਅਦਾਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ ਮਹਿਸਮਪੁਰ ਖੁਰਦ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਵਿਦਿਆਰਥੀਆਂ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਰੁੱਖ ਲਗਾਉਣ ਦਾ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ, ਅਧਿਆਪਕਾਂ ਅਤੇ ਸਕੂਲ ਪ੍ਰਬੰਧਕਾਂ ਨੇ ਮਿਲ ਕੇ ਸਕੂਲ ਕੈਂਪਸ ਵਿੱਚ ਵੱਖ-ਵੱਖ ਕਿਸਮ ਦੇ ਪੌਦੇ ਲਗਾਏ।

ਸਕੂਲ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਰੁੱਖਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਰੁੱਖ ਧਰਤੀ ਦਾ ਸ਼ਿੰਗਾਰ ਹਨ ਅਤੇ ਮਨੁੱਖੀ ਜੀਵਨ ਲਈ ਸ਼ੁੱਧ ਹਵਾ, ਹਰਿਆਲੀ ਅਤੇ ਸਿਹਤਮੰਦ ਵਾਤਾਵਰਨ ਪ੍ਰਦਾਨ ਕਰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਸਿਰਫ਼ ਪੌਦੇ ਲਗਾਉਣ ਹੀ ਨਹੀਂ, ਸਗੋਂ ਉਨ੍ਹਾਂ ਦੀ ਨਿਯਮਿਤ ਸੰਭਾਲ ਕਰਨ ਲਈ ਵੀ ਪ੍ਰੇਰਿਤ ਕੀਤਾ।

ਇਸ ਮੌਕੇ ਵਿਦਿਆਰਥੀਆਂ ਨੇ ਵਾਤਾਵਰਨ ਦੀ ਰੱਖਿਆ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਉਨ੍ਹਾਂ ਦੀ ਦੇਖਭਾਲ ਕਰਨ ਦਾ ਸੰਕਲਪ ਲਿਆ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਰਹਿਣਗੀਆਂ ਤਾਂ ਜੋ ਵਿਦਿਆਰਥੀਆਂ ਵਿੱਚ ਕੁਦਰਤ ਪ੍ਰਤੀ ਪਿਆਰ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਹੋਰ ਮਜ਼ਬੂਤ ਹੋ ਸਕੇ। ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ,ਮਨਦੀਪ ਕੌਰ ਮੈਡਮ, ਮੈਡਮ ਸੁਖਵੰਤ ਕੌਰ, ਮੈਡਮ ਕਿਰਨ, ਪ੍ਰਿਤਪਾਲ ਸਿੰਘ ਸਮੇਤ ਸਮੂਹ ਸਕੂਲ ਸਟਾਫ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਇਟਲੀ ਦੇ ਗੁਰਦੁਆਰਾ ਸਾਹਿਬ ਨੇੜੇ ਹੋਏ ਦੋਹਰੇ ਕਤਲ ਕਾਂਡ ਦਾ ਮੁੱਖ ਮੁਲਜ਼ਮ

# ਗੁਰਜੰਟ ਸਿੰਘ ਉਰਫ਼ 'ਜੰਟਾ' ਇੰਗਲੈਂਡ ਤੋਂ ਗ੍ਰਿਫ਼ਤਾਰ





ਗ੍ਰਿਫ਼ਤਾਰ ਗੁਰਜੰਟ ਸਿੰਘ ਉਰਫ਼ 'ਜੰਟਾ' (ਸੱਜੇ) ਕਤਲ ਕੀਤੇ ਗਏ ਸੇਵਾਦਾਰਾਂ ਦੀਆਂ ਫਾਈਲ ਫੋਟੋਆਂ।

**ਰੋਮ/ਲੰਡਨ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਇਟਲੀ ਦੇ ਬਰਗਾਮੋ ਸੂਬੇ ਦੇ ਕੋਵੋ ਵਿਖੇ ਸਥਿਤ ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਦੇ ਬਾਹਰ ਇਸ ਸਾਲ 17 ਅਪ੍ਰੈਲ ਨੂੰ ਵਾਪਰੇ ਬਹੁਚਰਚਿਤ ਦੋਹਰੇ ਕਤਲ ਕਾਂਡ ਦੇ ਮਾਮਲੇ ਵਿੱਚ ਇਟਲੀ ਦੀਆਂ ਜਾਂਚ ਏਜੰਸੀਆਂ ਨੂੰ ਵੱਡੀ ਸਫ਼ਲਤਾ ਮਿਲੀ ਹੈ। ਇਸ ਮਾਮਲੇ ਦੇ ਮੁੱਖ ਮੁਲਜ਼ਮ ਗੁਰਜੰਟ ਸਿੰਘ ਨੂੰ ਇੰਗਲੈਂਡ ਦੇ ਬਰਮਿੰਘਮ ਸ਼ਹਿਰ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਗ੍ਰਿਫ਼ਤਾਰੀ ਇਟਲੀ ਦੇ

ਆਵਾਜ਼ਿ ਕੌਮ AWAZE QAUM International Newspaper & WEB TV

ਕਾਰਾਬੀਨੀਏਰੀ, ਸਰਕਾਰੀ ਵਕੀਲ ਦਫ਼ਤਰ ਅਤੇ ਬਰਤਾਨੀਆ ਦੀਆਂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਵੱਲੋਂ ਸਾਂਝੇ ਆਪਰੇਸ਼ਨ ਦੌਰਾਨ ਕੀਤੀ ਗਈ। ਅਧਿਕਾਰਤ ਜਾਣਕਾਰੀ ਅਨੁਸਾਰ ਗੁਰਜੰਟ ਸਿੰਘ ਖ਼ਿਲਾਫ਼ ਦੋਹਰੇ ਕਤਲ ਅਤੇ ਇੱਕ ਹੋਰ ਵਿਅਕਤੀ ਦੇ ਕਤਲ ਦੀ ਕੋਸ਼ਿਸ਼ ਦੇ ਦੋਸ਼ਾਂ ਤਹਿਤ ਕਾਰਵਾਈ ਕੀਤੀ ਗਈ ਹੈ। ਇਟਲੀ ਸਰਕਾਰ ਨੇ ਉਸ ਨੂੰ ਮੁਕੱਦਮੇ ਦਾ ਸਾਹਮਣਾ ਕਰਵਾਉਣ ਲਈ ਬਰਤਾਨੀਆ ਤੋਂ ਇਟਲੀ ਹਵਾਲੇ ਕਰਨ ਦੀ ਕਾਨੂੰਨੀ ਪ੍ਰਕਿਰਿਆ ਵੀ ਸ਼ੁਰੂ ਕਰ ਦਿੱਤੀ ਹੈ।

ਜ਼ਿਕਰਯੋਗ ਹੈ ਕਿ 17 ਅਪ੍ਰੈਲ ਨੂੰ ਵਿਸਾਖੀ ਸਮਾਗਮਾਂ ਦੌਰਾਨ ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਦੇ ਬਾਹਰ ਹੋਈ ਗੋਲੀਬਾਰੀ ਵਿੱਚ ਦੋ ਸਿੱਖ ਵਿਅਕਤੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਸੀ, ਜਦਕਿ ਇੱਕ ਹੋਰ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਸੀ। ਇਸ ਦਿਲ ਦਹਿਲਾ ਦੇਣ ਵਾਲੀ ਘਟਨਾ ਨੇ ਇਟਲੀ ਸਮੇਤ ਸਮੁੱਚੇ ਯੂਰਪ ਦੇ ਸਿੱਖ ਭਾਈਚਾਰੇ ਨੂੰ ਝੰਜੋੜ ਕੇ ਰੱਖ ਦਿੱਤਾ ਸੀ।

ਘਟਨਾ ਤੋਂ ਬਾਅਦ ਮੁਲਜ਼ਮ ਫ਼ਰਾਰ ਹੋ ਗਿਆ ਸੀ। ਇਟਲੀ ਦੀ ਪੁਲਿਸ ਨੇ ਸੀਸੀਟੀਵੀ ਫੁਟੇਜ, ਫੋਰੈਂਸਿਕ ਸਬੂਤਾਂ, ਮੋਬਾਈਲ ਫ਼ੋਨ ਰਿਕਾਰਡਾਂ ਅਤੇ ਗਵਾਹਾਂ ਦੇ ਬਿਆਨਾਂ ਦੇ ਆਧਾਰ 'ਤੇ ਜਾਂਚ ਨੂੰ ਅੱਗੇ ਵਧਾਇਆ। ਜਾਂਚ ਦੌਰਾਨ ਇਹ ਜਾਣਕਾਰੀ ਸਾਹਮਣੇ ਆਈ ਕਿ ਮੁੱਖ ਮੁਲਜ਼ਮ ਇੰਗਲੈਂਡ ਵਿੱਚ ਲੁਕਿਆ ਹੋਇਆ ਹੈ, ਜਿਸ ਤੋਂ ਬਾਅਦ ਬਰਮਿੰਘਮ ਵਿੱਚ ਕਾਰਵਾਈ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਜਾਂਚ ਏਜੰਸੀਆਂ ਦਾ ਮੰਨਣਾ ਹੈ ਕਿ ਇਹ ਕਤਲ ਕਾਂਡ ਪਹਿਲਾਂ ਤੋਂ ਰਚੀ ਗਈ ਸਾਜ਼ਿਸ਼ ਦਾ ਹਿੱਸਾ ਸੀ। ਮੁੱਢਲੀ ਜਾਂਚ ਅਨੁਸਾਰ ਇਸ ਪਿੱਛੇ

**ਇਟਲੀ-ਬਰਤਾਨੀਆ ਦੀਆਂ ਜਾਂਚ ਏਜੰਸੀਆਂ ਦੀ ਸਾਂਝੀ ਕਾਰਵਾਈ; ਬਰਮਿੰਘਮ ਤੋਂ ਕੀਤੀ ਗ੍ਰਿਫ਼ਤਾਰੀ, ਹਵਾਲਗੀ ਦੀ ਪ੍ਰਕਿਰਿਆ ਸ਼ੁਰੂ**

ਗੁਰਦੁਆਰਾ ਪ੍ਰਬੰਧਨ ਨੂੰ ਲੈ ਕੇ ਚੱਲ ਰਿਹਾ ਵਿਵਾਦ ਅਤੇ ਆਪਸੀ ਰੰਜਿਸ਼ ਇੱਕ ਸੰਭਾਵੀ ਕਾਰਨ ਹੋ ਸਕਦਾ ਹੈ। ਹਾਲਾਂਕਿ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਜਾਂਚ ਅਜੇ ਵੀ ਜਾਰੀ ਹੈ ਅਤੇ ਅੰਤਿਮ ਤੱਥ ਅਦਾਲਤੀ ਕਾਰਵਾਈ ਦੌਰਾਨ ਹੀ ਸਾਹਮਣੇ ਆਉਣਗੇ। ਭਰੋਸੇਯੋਗ ਸੂਤਰਾਂ ਅਨੁਸਾਰ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਗੁਰਜੰਟ ਸਿੰਘ ਉਰਫ਼ "ਜੰਟਾ" ਪੰਜਾਬ ਦੇ ਜ਼ਿਲ੍ਹਾ ਤਰਨ ਤਾਰਨ ਦੇ ਪਿੰਡ ਮੁੰਡਾ ਦਾ ਰਹਿਣ ਵਾਲਾ ਦੱਸਿਆ ਜਾਂਦਾ ਹੈ। ਹਾਲਾਂਕਿ ਇਟਲੀ ਅਤੇ ਬਰਤਾਨੀਆ ਦੀਆਂ ਜਾਂਚ ਏਜੰਸੀਆਂ ਨੇ ਉਸ ਦੇ ਪਿੰਡ ਜਾਂ ਹੋਰ ਨਿੱਜੀ ਵੇਰਵਿਆਂ ਦੀ ਅਧਿਕਾਰਤ ਪੁਸ਼ਟੀ ਅਜੇ ਤੱਕ ਨਹੀਂ ਕੀਤੀ। ਇਸ ਲਈ ਇਸ ਜਾਣਕਾਰੀ ਨੂੰ ਭਰੋਸੇਯੋਗ ਸੂਤਰਾਂ ਦੇ ਹਵਾਲੇ ਨਾਲ ਹੀ ਦੇਖਿਆ ਜਾਣਾ ਚਾਹੀਦਾ ਹੈ। ਇਸ ਦੋਹਰੇ ਕਤਲ ਤੋਂ ਬਾਅਦ ਇਟਲੀ, ਬਰਤਾਨੀਆ ਅਤੇ ਹੋਰ ਯੂਰਪੀ ਦੇਸ਼ਾਂ ਦੀਆਂ ਸਿੱਖ ਜਥੇਬੰਦੀਆਂ ਨੇ ਦੋਸ਼ੀਆਂ ਨੂੰ ਜਲਦੀ ਕਾਬੂ ਕਰਕੇ ਸਖ਼ਤ ਸਜ਼ਾ ਦੇਣ ਅਤੇ ਗੁਰਦੁਆਰਿਆਂ ਦੀ ਸੁਰੱਖਿਆ ਮਜ਼ਬੂਤ ਕਰਨ ਦੀ ਮੰਗ ਕੀਤੀ ਸੀ। ਮੁੱਖ ਮੁਲਜ਼ਮ ਦੀ ਗ੍ਰਿਫ਼ਤਾਰੀ ਨੂੰ ਇਸ ਬਹੁਚਰਚਿਤ ਮਾਮਲੇ ਦੀ ਜਾਂਚ ਵਿੱਚ ਇੱਕ ਵੱਡੀ ਸਫ਼ਲਤਾ ਮੰਨਿਆ ਜਾ ਰਿਹਾ ਹੈ। ਜਾਂਚ ਏਜੰਸੀਆਂ ਹੁਣ ਇਹ ਵੀ ਪਤਾ ਲਗਾ ਰਹੀਆਂ ਹਨ ਕਿ ਇਸ ਕਤਲ ਕਾਂਡ ਵਿੱਚ ਹੋਰ ਕੌਣ-ਕੌਣ ਸ਼ਾਮਲ ਸੀ ਅਤੇ ਕੀ ਇਹ ਘਟਨਾ ਕਿਸੇ ਵੱਡੀ ਸਾਜ਼ਿਸ਼ ਦਾ ਹਿੱਸਾ ਸੀ। ਆਉਣ ਵਾਲੇ ਦਿਨਾਂ ਵਿੱਚ ਇਟਲੀ ਦੀ ਅਦਾਲਤ ਵਿੱਚ ਹੋਣ ਵਾਲੀ ਕਾਰਵਾਈ ਦੌਰਾਨ ਹੋਰ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

### ਐਸਐਫਜੇ ਵੱਲੋਂ ਕਸ਼ਮੀਰੀਆਂ ਨੂੰ 5 ਅਗਸਤ ਨੂੰ ਦਿੱਲੀ ਵਿੱਚ

# ਭਾਰਤੀ ਸੰਸਦ ਦੇ ਸੈਸ਼ਨ ਨੂੰ ਨਿਸ਼ਾਨਾ ਬਣਾ ਬੰਦ ਕਰਨ ਦਾ ਸੱਦਾ




ਲੰਡਨ/ਵਾਸ਼ਿੰਗਟਨ (ਸਰਬਜੀਤ ਸਿੰਘ ਬਨੂੜ)- ਪਾਬੰਦੀਸ਼ੁਦਾ ਜਥੇਬੰਦੀ ਸਿੱਖਸ ਫਾਰ ਜਸਟਿਸ ਨੇ 5 ਅਗਸਤ ਨੂੰ ਭਾਰਤ ਵੱਲੋਂ ਆਰਟਿਕਲ 370 ਹਟਾਏ ਜਾਣ ਦੇ ਸੱਤ ਸਾਲ ਪੂਰੇ ਹੋਣ ਦੇ ਮੌਕੇ ਇੱਕ ਨਵਾਂ ਵੀਡੀਓ ਸੰਦੇਸ਼ ਜਾਰੀ ਕੀਤਾ ਹੈ। ਇਸ ਵਿੱਚ ਸੰਸਥਾ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਕਸ਼ਮੀਰ ਸਬੰਧੀ ਕਈ ਵਿਵਾਦਤ ਦਾਅਵੇ ਕਰਦਿਆਂ ਕਿਹਾ ਕਿ ਸੰਸਥਾ ਨੇ 'ਕਬਜ਼ਾ' ਨਾਮ ਦੀ ਇੱਕ ਕਥਿਤ ਟੂਲਕਿਟ ਤਿਆਰ ਕੀਤੀ ਹੈ। ਵੀਡੀਓ ਸੰਦੇਸ਼ ਵਿੱਚ ਪੰਨੂ ਨੇ ਕਸ਼ਮੀਰ ਨਾਲ ਜੁੜੇ ਆਪਣੇ ਦਾਅਵਿਆਂ ਨੂੰ ਦੁਹਰਾਉਂਦਿਆਂ ਕਥਿਤ ਤੌਰ 'ਤੇ ਕਿਹਾ ਕਿ ਕਸ਼ਮੀਰ ਵਿੱਚ ਚੱਲ ਰਹੀਆਂ ਕਾਰਵਾਈਆਂ ਨਾਲ ਉਨ੍ਹਾਂ ਦੇ ਮਕਸਦ ਦੀ ਆਵਾਜ਼ ਅੰਤਰਰਾਸ਼ਟਰੀ ਪੱਧਰ ਤੱਕ ਨਹੀਂ ਪਹੁੰਚ ਰਹੀ, ਅਤੇ 5 ਅਗਸਤ ਨੂੰ ਦਿੱਲੀ ਵਿੱਚ ਭਾਰਤੀ ਸੰਸਦ ਦੇ ਸੈਸ਼ਨ ਨੂੰ ਨਿਸ਼ਾਨਾ ਬਣਾਉਣ ਤੇ ਬੰਦ ਕਰਨ ਦਾ ਸੱਦਾ ਦਿੱਤਾ ਹੈ। ਐਸਐਫਜੇ ਦਾ ਦਾਅਵਾ ਹੈ ਕਿ ਇਸੇ ਉਦੇਸ਼ ਲਈ 'ਕਬਜ਼ਾ' ਟੂਲਕਿਟ ਜਾਰੀ ਕੀਤੀ ਗਈ ਹੈ, ਜਿਸ ਵਿੱਚ ਸੰਸਦ ਤੱਕ ਪਹੁੰਚਣ ਸਬੰਧੀ ਕਥਿਤ ਹਦਾਇਤਾਂ ਦਿੱਤੀਆਂ ਗਈਆਂ ਹਨ। ਪੰਨੂੰ ਨੇ ਕਿਹਾ ਕਿ "ਕਸ਼ਮੀਰ ਦੀ ਆਜ਼ਾਦੀ ਦਾ ਰਾਹ ਖ਼ਾਲਿਸਤਾਨ ਵਿਚੋਂ ਲੰਘਦਾ ਹੈ।" ਐਸਐਫਜੇ ਨੇ ਕਸ਼ਮੀਰੀ ਅਤੇ ਖ਼ਾਲਿਸਤਾਨੀ ਅੰਦੋਲਨਾਂ ਨੂੰ ਇੱਕ ਮੰਚ 'ਤੇ ਲਿਆਉਣ ਦੀ ਗੱਲ ਵੀ ਦੁਹਰਾਈ ਹੈ। ਖ਼ਬਰ ਲਿਖੇ ਜਾਣ ਤੱਕ ਭਾਰਤੀ ਅਧਿਕਾਰੀਆਂ ਵੱਲੋਂ ਇਸ ਵੀਡੀਓ ਸੰਦੇਸ਼ ਜਾਂ ਕਥਿਤ ਟੂਲਕਿਟ ਬਾਰੇ ਕੋਈ ਅਧਿਕਾਰਕ ਪ੍ਰਤੀਕਿਰਿਆ ਸਾਹਮਣੇ ਨਹੀਂ ਆਈ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

**☛ ਭਾਰਤੀ ਸੁਰੱਖਿਆ ਪ੍ਰਬੰਧਾਂ ਨੂੰ ਚੁਣੌਤੀ ਦੇਣ ਲਈ ਕਥਿਤ 'ਕਬਜ਼ਾ' ਟੂਲਕਿਟ ਜਾਰੀ ਕਰਨ ਦਾ ਦਾਅਵਾ ☛ "ਕਸ਼ਮੀਰ ਦੀ ਆਜ਼ਾਦੀ ਦਾ ਰਾਹ ਖ਼ਾਲਿਸਤਾਨ ਵਿਚੋਂ ਲੰਘਦਾ ਹੈ" - ਗੁਰਪਤਵੰਤ ਸਿੰਘ ਪੰਨੂ**

# ਪੇਪਰ ਲੀਕ 'ਤੇ ਸਰਕਾਰ ਦਾ ਸਭ ਤੋਂ ਸਖ਼ਤ ਕਾਨੂੰਨ, ਲੋਕ ਸਭਾ ਨੇ ਬਿੱਲ ਕੀਤਾ ਪਾਸ; ਰਾਹੁਲ ਗਾਂਧੀ ਦੇ ਅਮਿਤ ਸ਼ਾਹ 'ਤੇ ਤਿੱਖੇ ਹਮਲੇ ਨਾਲ ਸਦਨ 'ਚ ਹੰਗਾਮਾ



**ਨਵੀਂ ਦਿੱਲੀ, 29 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**-ਦੇਸ਼ ਭਰ ਵਿੱਚ ਪੇਪਰ ਲੀਕ ਦੇ ਵੱਧ ਰਹੇ ਮਾਮਲਿਆਂ 'ਤੇ ਨਕੇਲ ਕੱਸਣ ਲਈ ਕੇਂਦਰ ਸਰਕਾਰ ਦਾ ਸਖ਼ਤ ਪਬਲਿਕ ਇਗਜ਼ਾਮੀਨੇਸ਼ਨਜ਼ (ਪ੍ਰੀਵੇਂਸ਼ਨ ਆਫ਼ ਅਨਫੇਅਰ ਮੀਨਜ਼) ਸੋਧ ਬਿੱਲ, 2026 ਬੁੱਧਵਾਰ ਨੂੰ ਲੋਕ ਸਭਾ ਵਿੱਚ ਆਵਾਜ਼ੀ ਵੋਟ ਨਾਲ ਪਾਸ ਹੋ ਗਿਆ। ਨਵੇਂ ਕਾਨੂੰਨ ਤਹਿਤ ਪੇਪਰ ਲੀਕ ਦੀ ਜਾਂਚ ਦੋ ਮਹੀਨਿਆਂ ਵਿੱਚ ਮੁਕੰਮਲ ਕਰਨੀ ਲਾਜ਼ਮੀ ਹੋਵੇਗੀ ਅਤੇ ਦੋਸ਼ੀਆਂ ਨੂੰ ਹੁਣ 5 ਤੋਂ 10 ਸਾਲ ਤੱਕ ਦੀ ਕੈਦ ਅਤੇ ?50 ਲੱਖ ਤੱਕ ਜੁਰਮਾਨਾ ਹੋ ਸਕੇਗਾ। ਜੇਕਰ ਪੇਪਰ ਲੀਕ ਕਿਸੇ ਸੰਗਠਿਤ ਗਿਰੋਹ ਵੱਲੋਂ ਕੀਤਾ ਗਿਆ ਹੋਵੇ ਤਾਂ ਘੱਟੋ-ਘੱਟ 7 ਸਾਲ ਦੀ ਸਜ਼ਾ ਅਤੇ ?10 ਕਰੋੜ ਤੱਕ ਜੁਰਮਾਨੇ ਦੀ ਵਿਵਸਥਾ ਕੀਤੀ ਗਈ ਹੈ। ਬਿੱਲ ਵਿੱਚ ਪ੍ਰਸ਼ਨ ਪੱਤਰ ਲੀਕ ਕਰਨਾ, ਓਐਮਆਰ ਸ਼ੀਟਾਂ ਨਾਲ ਛੇੜਛਾੜ, ਜਾਅਲੀ ਵੈੱਬਸਾਈਟਾਂ ਬਣਾਉਣਾ ਅਤੇ ਫ਼ਰਜ਼ੀ ਐਡਮਿਟ ਕਾਰਡ ਜਾਰੀ ਕਰਨ ਸਮੇਤ 15 ਗੈਰ-ਕਾਨੂੰਨੀ ਕਿਰਿਆਵਾਂ ਨੂੰ ਅਪਰਾਧ ਐਲਾਨਿਆ ਗਿਆ ਹੈ। ਉੱਧਰ ਸੰਸਦ ਦੇ ਬਾਹਰ ਕਾਂਗਰਸ ਆਗੂ ਰਾਹੁਲ ਗਾਂਧੀ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਗੋਲੀਬਾਰੀ ਦੇ ਮਾਮਲੇ ਵਿੱਚ ਸਿਰਫ਼ ਦੋ ਹੀ ਸੰਭਾਵਨਾਵਾਂ ਹੋ ਸਕਦੀਆਂ ਹਨ—ਜਾਂ ਹੁਕਮ ਗ੍ਰਹਿ ਮੰਤਰੀ ਨੇ ਦਿੱਤੇ ਸਨ ਜਾਂ ਉਨ੍ਹਾਂ ਨੂੰ ਇਸ ਦੀ ਜਾਣਕਾਰੀ ਹੀ ਨਹੀਂ ਸੀ। ਉਨ੍ਹਾਂ ਕਿਹਾ ਕਿ ਪਹਿਲੀ ਸਥਿਤੀ ਵਿੱਚ ਉਹ ਜ਼ਿੰਮੇਵਾਰ ਹਨ ਅਤੇ ਦੂਜੀ ਸਥਿਤੀ ਵਿੱਚ ਅਯੋਗ। ਰਾਹੁਲ ਨੇ ਇਹ ਵੀ ਕਿਹਾ ਕਿ ਗ੍ਰਹਿ ਮੰਤਰੀ ਨੂੰ ਸਦਨ ਵਿੱਚ ਆ ਕੇ ਆਪਣਾ ਪੱਖ ਸਪੱਸ਼ਟ ਕਰਨਾ ਚਾਹੀਦਾ ਹੈ। ਰਾਹੁਲ ਗਾਂਧੀ ਨੇ ਇਹ ਵੀ ਦੋਸ਼ ਲਗਾਇਆ ਕਿ ਪ੍ਰਦਰਸ਼ਨਕਾਰੀਆਂ ਖ਼ਿਲਾਫ਼ ਪੈਲੇਟ ਗਨਾਂ ਦੀ ਵਰਤੋਂ ਨੂੰ ਮਨਜ਼ੂਰੀ ਦਿੱਤੀ ਗਈ। ਨਾਲ ਹੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਨੂੰ "ਸਿਰਫ਼ ਦਿਖਾਵਾ" ਕਰਾਰ ਦਿੰਦਿਆਂ ਕਿਹਾ ਕਿ ਸਿੱਖਿਆ ਪ੍ਰਣਾਲੀ ਦੀ ਅਸਲ ਬਾਗਡੋਰ ਆਰਐੱਸਐੱਸ ਦੇ ਹੱਥਾਂ ਵਿੱਚ ਹੈ। ਉਨ੍ਹਾਂ ਦੇ ਬਿਆਨਾਂ 'ਤੇ ਸੱਤਾਧਾਰੀ ਪੱਖ ਨੇ ਤਿੱਖਾ ਇਤਰਾਜ਼ ਜਤਾਇਆ ਅਤੇ ਸਦਨ ਵਿੱਚ ਹੰਗਾਮਾ ਹੋਇਆ। ਇਸ ਦੌਰਾਨ ਗ੍ਰਹਿ ਮੰਤਰੀ ਅਮਿਤ ਸ਼ਾਹ ਸਬੰਧੀ ਰਾਹੁਲ ਗਾਂਧੀ ਦੀਆਂ ਕੁਝ ਟਿੱਪਣੀਆਂ ਨੂੰ ਲੋਕ ਸਭਾ ਦੀ ਕਾਰਵਾਈ ਵਿੱਚੋਂ ਹਟਾ ਦਿੱਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਮੀਤ ਹੇਅਰ ਨੇ ਲੋਕ ਸਭਾ ਵਿੱਚ ਕੇਂਦਰ ਦੀ ਧਰਮ ਤੇ ਜਾਤ ਦੇ ਆਧਾਰ ਉੱਤੇ ਵੰਡੀਆਂ ਪਾਉਣ ਦੀ ਰਾਜਨੀਤੀ ਨੂੰ ਦਿਖਾਇਆ ਸ਼ੀਸ਼ਾ

ਨਵੀਂ ਦਿੱਲੀ, 29 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਲੋਕ ਸਭਾ ਵਿੱਚ ਪੇਸ਼ ਜਨਤਕ ਪ੍ਰੀਖਿਆ (ਪ੍ਰੀਵੈਂਸ਼ਨ ਆਫ਼ ਅਨਫੇਅਰ




ਮੀਨਜ਼) ਸੋਧ ਬਿੱਲ ਉੱਤੇ ਬੋਲਦਿਆਂ ਦੇਸ਼ ਦੇ ਨੌਜਵਾਨਾਂ ਦੇ ਸੰਘਰਸ਼ ਨੂੰ ਸਿਜਦਾ ਕਰਦਿਆਂ ਕਿਹਾ ਕਿ ਨੌਜਵਾਨ ਸ਼ਕਤੀ ਨੇ 12 ਸਾਲ ਤੋਂ ਧਰਮ ਤੇ ਜਾਤੀ ਦੇ ਆਧਾਰ ਉੱਤੇ ਵੰਡੀਆਂ ਪਾਉਣ ਵਾਲੀ ਸਰਕਾਰ ਨੂੰ ਸ਼ੀਸ਼ਾ ਦਿਖਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪ੍ਰਾਪੇਗੰਡਾ ਦੀ ਬਜਾਏ ਸਿੱਖਿਆ ਤੇ ਬੇਰੁਜ਼ਗਾਰੀ ਜਿਹੇ ਅਸਲ ਮੁੱਦੇ ਮੁੱਖ ਧਾਰਾ ਚ ਆਏ ਹਨ। ਮੀਤ ਹੇਅਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਵੱਲੋਂ ਅੱਧੀ ਰਾਤ ਸੈਲਫੀ ਵੀਡਿਓ ਬਣਾਉਣ ਨੇ ਸਾਬਤ ਕਰ ਦਿੱਤਾ ਕਿ ਸਿੱਖਿਆ, ਬੇਰੋਜ਼ਗਾਰੀ ਜਿਹੇ ਹੀ ਅਸਲ ਮੁੱਦੇ ਹਨ ਜਿਨ੍ਹਾਂ ਤੋਂ ਭਾਜਪਾ ਭੱਜ ਰਹੀ ਹੈ। ਜੰਤਰ-ਮੰਤਰ ਅੰਦੋਲਨ ਨੇ ਭਾਜਪਾ ਸਰਕਾਰ ਦਾ ਚਿਹਰਾ ਨੰਗਾ ਕਰ ਦਿੱਤਾ ਅਤੇ ਭਾਜਪਾ ਦੀਨਨਫ਼ਰਤ ਦੀ ਰਾਜਨੀਤੀ ਨੂੰ ਕਰਾਰੀ ਚੋਟ ਮਾਰੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਨੂੰ ਪਤਾ ਹੈ ਕਿ ਸਿੱਖਿਆ ਦੇ ਮੁੱਦੇ ਉੱਤੇ ਉਸ ਕੋਲ ਕੋਈ ਜਵਾਬ ਨਹੀਂ ਹੈ। ਲੋਕ ਸਭਾ ਮੈਂਬਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਵੱਲੋਂ ਅੱਧੀ ਰਾਤ ਨੂੰ ਸੈਲਫੀ ਵੀਡਿਓ ਰਾਹੀਂ ਸਪੱਸ਼ਟੀਕਰਨ ਦੇਣਾ ਕੇਂਦਰ ਸਰਕਾਰ ਦੀ ਬੁਖਲਾਹਟ ਤੇ ਘਬਰਾਹਟ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਨਵੇਂ ਸੋਧਨਾ ਬਿੱਲ ਰਾਹੀਂ ਵੱਡੇ ਦਮਗਜ਼ੇ ਮਾਰਨ ਵਾਲੀ ਕੇਂਦਰ ਸਰਕਾਰ ਨੂੰ ਇਹ ਪਤਾ ਹੋਣਾ ਚਾਹੀਦਾ ਹੈ ਕਿ ਜਿਸ ਨੂੰ ਉਹ ਵੱਡੇ ਸੁਧਾਰ ਦੱਸ ਰਹੇ ਹਨ, ਉਹ ਵਿਸ਼ਵ ਦੇ ਛੋਟੇ-ਛੋਟੇ ਮੁਲਕਾਂ ਅੰਦਰ ਪਹਿਲਾਂ ਹੀ ਵਿਵਸਥਾਵਾਂ ਚੱਲ ਰਹੀਆਂ ਹਨ। ਮੀਤ ਹੇਅਰ ਨੇ ਕਿਹਾ ਕਿ ਨਵੇਂ ਬਿੱਲ ਵਿੱਚ ਸਜ਼ਾ ਵਧਾਉਣ ਦੀ ਤਜਵੀਜ਼ ਹੈ ਜਦੋਂ ਕਿ ਸਜ਼ਾ ਦੀ ਵਿਵਸਥਾ ਪਹਿਲਾਂ ਹੀ ਮੌਜੂਦ ਪਰ 2024 ਤੋਂ ਕਿਸੇ ਨੂੰ ਸਜ਼ਾ ਨਹੀਂ ਮਿਲੀ। ਉਨ੍ਹਾਂ ਕਿਹਾ ਕਿ ਦੋਸ਼ੀਆਂ ਨੂੰ ਸਜ਼ਾ ਤਾਂ ਪਹਿਲਾਂ ਹੀ ਨਹੀਂ ਮਿਲ ਰਹੀ, ਸੋਧ ਬਿੱਲ ਵਿੱਚ ਸਜ਼ਾ ਵਧਾਉਣ ਨਾਲ ਕੋਈ ਫਰਕ ਨਹੀਂ ਪੈਣਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੀਚੇਵਾਲ ਵੱਲੋਂ ਆਪਣੀ ਸੁਰੱਖਿਆ ਘਟਾਉਣ ਦੀ ਮੰਗ, ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ

# ਆਮ ਲੋਕਾਂ ਦੀ ਸੁਰੱਖਿਆ ਹੋਵੇ ਸਰਕਾਰ ਦੀ ਪਹਿਲੀ ਤਰਜੀਹ



ਸੰਤ ਬਲਬੀਰ ਸਿੰਘ
ਮੈਂਬਰ ਪਾਰਲੀਮੈਂਟ
ਰਾਜ ਸਭਾ
ਮੈਂਬਰ ਜਲ ਸਰੋਤਾਂ ਬਾਰੇ
ਸਥਾਈ ਕਮੇਟੀ

Sant Balbir Singh
Member of Parliament Rajya Sabha
Member Standing Committee
on Water Resources
Mobile: +91 9417319463
Email: santbalbir.singh@sansad.nic.in

ਸਤਯਮੇਵ ਜਯਤੇ

Ref No : SBS/RS/DGP-PB/732-26

Date : 27-July-2026

ਵੱਲ,

ਡਾਇਰੈਕਟਰ ਜਨਰਲ ਆਫ ਪੁਲੀਸ ਪੰਜਾਬ,

ਚੰਡੀਗੜ੍ਹ।

ਵਿਸ਼ਾ: ਸਾਡੇ 06 ਸੁਰੱਖਿਆ ਗਾਰਡਾਂ ਦੀ ਤਾਇਨਾਤੀ ਲੋਹੀਆਂ ਖਾਸ ਜਲੰਧਰ ਅਤੇ ਸੁਲਤਾਨਪੁਰ ਲੋਧੀ ਥਾਣੇ ਵਿੱਚ ਕਰਨ ਸੰਬੰਧੀ।

ਉਪਰੋਕਤ ਵਿਸ਼ੇ ਦੇ ਸੰਬੰਧ ਵਿੱਚ ਆਪ ਜੀ ਦੇ ਧਿਆਨ ਵਿੱਚ ਲਿਆਂਦਾ ਜਾ ਰਿਹਾ ਹੈ ਕਿ ਜਲੰਧਰ ਜ਼ਿਲ੍ਹੇ ਦੇ ਲੋਹੀਆਂ ਇਲਾਕੇ ਵਿੱਚ ਅਤੇ ਸੁਲਤਾਨਪੁਰ ਲੋਧੀ ਪਵਿੱਤਰ ਵੇਈਂ ਦੇ ਕਿਨਾਰੇ ਵੱਧ ਰਹੀਆਂ ਲੁੱਟ ਖੋਹ ਦੀਆਂ ਘਟਨਾਵਾਂ ਦੇ ਮੱਦੇਨਜ਼ਰ ਅਸੀਂ ਸਨਿਮਰ ਬੇਨਤੀ ਕਰਦੇ ਹਾਂ ਕਿ ਸਾਡੀ ਸੁਰੱਖਿਆ ਵਿੱਚ ਜੋ 06 ਸੁਰੱਖਿਆ ਜਵਾਨ ਤਾਇਨਾਤ ਕੀਤੇ ਗਏ ਹਨ, ਉਨ੍ਹਾਂ ਵਿੱਚੋਂ ਤਿੰਨ ਸੁਰੱਖਿਆ ਜਵਾਨ ਅਸੀਂ ਲੋਹੀਆਂ ਖਾਸ ਥਾਣੇ ਨੂੰ ਅਤੇ ਤਿੰਨ ਸੁਲਤਾਨਪੁਰ ਲੋਧੀ ਥਾਣੇ ਨੂੰ ਦੇਣਾ ਚਾਹੁੰਦੇ ਹਾਂ।

ਅਸੀਂ ਮਹਿਸੂਸ ਕਰਦੇ ਹਾਂ ਕਿ ਸਾਡੇ ਨਾਲੋਂ ਸਾਡੇ ਲੋਕਾਂ ਨੂੰ ਸੁਰੱਖਿਆ ਦੀ ਜ਼ਿਆਦਾ ਲੋੜ ਹੈ। ਇਨ੍ਹਾਂ ਇਲਾਕਿਆਂ ਵਿੱਚ ਚੋਰੀ, ਲੁੱਟਾਂ ਖੋਹਾਂ ਅਤੇ ਨਸ਼ਿਆਂ ਦੀਆਂ ਵੱਧ ਰਹੀਆਂ ਵਾਰਦਾਤਾਂ ਚਿੰਤਾਜਨਕ ਹਨ। ਇਨ੍ਹਾਂ ਵਾਰਦਾਤਾਂ ਨੂੰ ਰੋਕਣਾ ਬੇਹੱਦ ਜ਼ਰੂਰੀ ਹੈ। ਸਾਡੇ ਇਲਾਕਿਆਂ ਦੀ ਸੁਰੱਖਿਆ ਲਈ 06 ਜਵਾਨ ਤਾਇਨਾਤ ਹਨ ਜਦ ਕਿ ਇਸ ਦੀ ਲੋੜ ਥਾਣਿਆਂ ਵਿੱਚ ਹੈ ਤਾਂ ਜੋ ਇਹ ਜਵਾਨ ਲੋਕਾਂ ਦੀ ਹਿਫਾਜ਼ਤ ਕਰ ਸਕਣ।

ਇਸ ਸੰਬੰਧੀ ਅਸੀ ਪਹਿਲਾਂ ਵੀ ਆਪ ਜੀ ਨੂੰ ਪੱਤਰ ਲਿਖਿਆਂ ਸੀ ਜਦੋਂ ਮਲਸੀਆਂ ਪੁਲੀਸ ਚੌਕੀ ਵਿੱਚ ਜਵਾਨ ਬਹੁਤ ਘੱਟ ਸਨ ਤੇ ਇਸ ਇਲਾਕੇ ਵਿੱਚ ਅਪਰਾਧ ਦੀਆਂ ਗਤੀਵਿਧੀਆਂ ਵੱਧਣ ਨਾਲ ਲੋਕ ਤ੍ਰਾਹ-ਤ੍ਰਾਹ ਕਰ ਰਹੇ ਸਨ। ਸਾਡੇ ਆਪਣੇ ਪਿੰਡ ਸੀਚੇਵਾਲ ਵਿੱਚ ਇੱਕ ਰਾਤ ਵਿੱਚ ਹੀ ਚੋਰੀ ਦੀਆ 08 ਵਾਰਦਾਤਾਂ ਹੋ ਗਈਆਂ ਸਨ। ਜਿਸ ਬਾਰੇ ਅਸੀਂ ਸ਼ਾਹਕੋਟ ਦੇ ਡੀਐਸਪੀ ਨੂੰ ਵੀ ਪੱਤਰ ਲਿਖਿਆ ਸੀ। ਇਨ੍ਹਾਂ ਵਾਰਦਾਤਾਂ ਵਿੱਚ ਬਿਜਲੀ ਦੀਆਂ ਤਾਰਾਂ ਚੋਰੀ ਕਰ ਲਈਆਂ ਗਈਆਂ ਸਨ। ਬਿਜਲੀ ਦੀਆਂ ਤਾਰਾਂ ਚੋਰੀ ਕਰਨਾ ਇਸ ਇਲਾਕੇ ਵਿੱਚ ਆਮ ਵਰਤਾਰਾ ਬਣ ਗਿਆ ਹੈ।

ਇਸੇ ਤਰ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਚਰਨ-ਛੋਹ ਪ੍ਰਾਪਤ ਅਸਥਾਨ ਪਵਿੱਤਰ ਵੇਈਂ ਵਿਖੇ ਹਰ ਰੋਜ਼ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਣ ਲਈ ਆਉਂਦੀਆਂ ਹਨ। ਪਰ ਉੱਥੇ ਵਧ ਰਹੀਆਂ ਚੋਰੀਆਂ ਅਤੇ ਹੋਰ ਅਪਰਾਧਿਕ ਵਾਰਦਾਤਾਂ ਕਾਰਨ ਸੰਗਤਾਂ ਵਿੱਚ ਵੀ ਡਰ ਅਤੇ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ। ਅਜਿਹੇ ਪਵਿੱਤਰ ਧਾਰਮਿਕ ਸਥਾਨ ਦੇ ਆਲੇ-ਦੁਆਲੇ ਅਪਰਾਧਿਕ ਗਤੀਵਿਧੀਆਂ ਦਾ ਵਾਪਰਨਾ ਬਹੁਤ ਹੀ ਚਿੰਤਾਜਨਕ ਅਤੇ ਦੁੱਖਦਾਈ ਹੈ।


ਅਸੀਂ ਪਹਿਲਾਂ ਸ਼ੁਰੂ ਵਿੱਚ ਵੀ ਸੁਰੱਖਿਆ ਲੈਣ ਤੋਂ ਨਾਂਹ ਕੀਤੀ ਸੀ ਤੇ ਕਿਹਾ ਸੀ ਕਿ ਸਾਨੂੰ ਕੋਈ ਖਤਰਾ ਨਹੀਂ ਹੈ, ਇਸ ਦੇ ਬਾਵਜੂਦ ਸਾਨੂੰ ਸੁਰੱਖਿਆ ਦਿੱਤੀ ਗਈ ਹੈ।

ਸੋ ਸਾਡੀ ਸਨਿਮਰ ਬੇਨਤੀ ਹੈ ਕਿ ਸਾਡੀ ਸੁਰੱਖਿਆ ਲਈ ਤਾਇਨਾਤ ਜਵਾਨਾਂ ਨੂੰ ਤੁਰੰਤ ਪ੍ਰਭਾਵ ਨਾਲ ਹਟਾ ਲਿਆ ਜਾਵੇ ਅਤੇ ਇਨ੍ਹਾਂ 06 ਜਵਾਨਾਂ ਨੂੰ ਦੋਹਾਂ ਥਾਣਿਆਂ ਵਿੱਚ ਸਾਡੀ ਬੇਨਤੀ 'ਤੇ ਲੋਹੀਆਂ ਤੇ ਸੁਲਤਾਨਪੁਰ ਲੋਧੀ ਦੇ ਥਾਣਿਆਂ ਤਿੰਨ-ਤਿੰਨ ਜਵਾਨਾਂ ਨੂੰ ਭੇਜ ਦਿੱਤਾ ਜਾਵੇ, ਜਿੱਥੇ ਇਨ੍ਹਾਂ ਦੀ ਜ਼ਿਆਦਾ ਲੋੜ ਹੈ। ਅਸੀਂ ਆਪਣੀ ਸਵੈਇੱਛਾ ਨਾਲ ਹੀ ਸੁਰੱਖਿਆ ਵਾਪਸ ਕਰਨੀ ਚਾਹੁੰਦੇ ਹਾਂ।..01

ਪਤਾ / Address
ਨਿਰਮਲ ਕੁਟੀਆ ਪਿੰਡ ਸੀਚੇਵਾਲ, ਡਾਕ. ਰੂਪੇਵਾਲੀ, ਤਹਿ. ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ 144701 Nirmal Kutiya Vill. Seechewal, P.O Rupewali, Teh. Shahkot, Distt. Jalandhar, Punjab 144701
C Ferozshah Road, New Delhi - 110001 Tel.-:01826-299363

SANT BALBIR SINGH SEECHEWAL MP RAJYA SABHA

Scanned with OKEN Scanner



Singh
Sabha
mittee
ources
19463
nic.in

...02

ਅਸੀ ਇਸ ਗੱਲ ਨੂੰ ਬੜੀ ਹੀ ਸ਼ਿੱਦਤ ਨਾਲ ਮਹਿਸੂਸ ਕੀਤਾ ਹੈ ਕਿ ਸਾਡੀ ਸੁਰੱਖਿਆ ਨਾਲੋਂ ਸਭ ਤੋਂ ਅਹਿਮ ਤੇ ਜ਼ਰੂਰੀ ਸਾਡੇ ਲੋਕਾਂ ਦੀ ਸੁਰੱਖਿਆ ਹੈ। ਜਿਕਰ ਸਾਡੇ ਲੋਕ ਹੀ ਨਹੀ ਸੁਰੱਖਿਅਤ ਤਾਂ ਬਤੌਰ ਐਮ.ਪੀ ਸਾਡੇ ਲਈ ਇਹਨਾਂ ਜਵਾਨਾਂ ਦਾ ਹੋਣਾ ਠੀਕ ਨਹੀ। ਜੋ ਸਾਡੀ ਬੇਨਤੀ ਨੂੰ ਬਿਨਾਂ ਦੇਰੀ ਦੇ ਪ੍ਰਵਾਨ ਕੀਤਾ ਜਾਵੇ ਜੀ।


ਧੰਨਵਾਦ ਸਹਿਤ,

ਸੰਤ ਬਲਬੀਰ ਸਿੰਘ ਸੀਚੇਵਾਲ

ਇਸ ਪੱਤਰ ਦਾ ਉਤਾਰਾ ਲੋੜੀਂਦੀ ਕਾਰਵਾਈ ਹਿੱਤ ;

1. ਮਾਣਯੋਗ ਰਾਜਪਾਲ ਪੰਜਾਬ ਸ੍ਰੀ ਗੁਲਾਬ ਚੰਦ ਕਟਾਰੀਆ ਜੀ
2. ਮਾਣਯੋਗ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਜੀ
3. ਡਿਪਟੀ ਕਮਿਸ਼ਨਰ ਜਲੰਧਰ ਅਤੇ ਕਪੂਰਥਲਾ
4. ਐਸਐਸਪੀ ਜਲੰਧਰ ਅਤੇ ਕਪੂਰ[redacted]

SANT BALBIR SINGH SEECHEWAL MP RAJYA SABHA 27/07/2026





## ਗਿਆਨੀ ਹਰਪ੍ਰੀਤ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਵਿੱਚ ਸੁਰੱਖਿਆ ਦੇ ਮਾਮਲੇ ਵਿੱਚ ਸਭ ਤੋਂ ਪਹਿਲੀ ਤਰਜੀਹ ਕਿਸੇ ਵੀ ਵੀਆਈਪੀ ਦੀ ਨਹੀਂ, ਸਗੋਂ ਹਰ ਆਮ ਨਾਗਰਿਕ ਦੀ ਹੋਣੀ ਚਾਹੀਦੀ ਹੈ।

**ਚੰਡੀਗੜ੍ਹ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਪੰਜਾਬ ਦੇ ਡੀਜੀਪੀ ਨੂੰ ਲਿਖੇ ਪੱਤਰ ਤੋਂ ਬਾਅਦ ਸੂਬੇ ਦੀ ਕਾਨੂੰਨ-ਵਿਵਸਥਾ ਅਤੇ ਵੀਆਈਪੀ ਸੁਰੱਖਿਆ ਨੂੰ ਲੈ ਕੇ ਸਿਆਸੀ ਚਰਚਾ ਤੇਜ਼ ਹੋ ਗਈ ਹੈ। ਸੰਤ ਸੀਚੇਵਾਲ ਨੇ ਆਪਣੇ ਪੱਤਰ ਵਿੱਚ ਪੰਜਾਬ ਵਿੱਚ ਵਧ ਰਹੀਆਂ ਅਪਰਾਧਿਕ ਘਟਨਾਵਾਂ ਦਾ ਹਵਾਲਾ ਦਿੰਦਿਆਂ ਆਪਣੀ ਸੁਰੱਖਿਆ ਘਟਾ ਕੇ ਉਹ ਪੁਲਿਸ ਮੁਲਾਜ਼ਮ ਆਮ ਲੋਕਾਂ ਦੀ ਸੁਰੱਖਿਆ ਲਈ ਤਾਇਨਾਤ ਕਰਨ ਦੀ ਅਪੀਲ ਕੀਤੀ ਹੈ।

ਇਸ ਮਾਮਲੇ 'ਤੇ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜਦੋਂ ਸੱਤਾਧਾਰੀ ਪਾਰਟੀ ਦੇ ਆਪਣੇ ਹੀ ਸੰਸਦ ਮੈਂਬਰ ਪੰਜਾਬ ਦੀ ਜ਼ਮੀਨੀ ਹਕੀਕਤ ਨੂੰ ਮੰਨਦੇ ਹੋਏ ਵੀਆਈਪੀ ਸੁਰੱਖਿਆ ਨਾਲੋਂ ਆਮ ਨਾਗਰਿਕਾਂ ਦੀ ਸੁਰੱਖਿਆ ਨੂੰ ਵੱਧ ਤਰਜੀਹ ਦੇਣ ਦੀ ਗੱਲ ਕਰ ਰਹੇ ਹਨ ਤਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਆਪਣੀ ਸਰਕਾਰ ਦੀਆਂ ਤਰਜੀਹਾਂ 'ਤੇ ਮੁੜ ਵਿਚਾਰ ਕਰਨਾ ਚਾਹੀਦਾ ਹੈ।

ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਰੋਜ਼ਾਨਾ ਵਾਪਰ ਰਹੀਆਂ ਅਪਰਾਧਿਕ ਘਟਨਾਵਾਂ ਲੋਕਾਂ ਵਿੱਚ ਅਸੁਰੱਖਿਆ ਦੀ ਭਾਵਨਾ ਪੈਦਾ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਸਭ ਤੋਂ ਵੱਡਾ ਫਰਜ਼ ਹਰ ਆਮ ਨਾਗਰਿਕ ਦੀ ਜਾਨ-ਮਾਲ ਦੀ ਰੱਖਿਆ ਕਰਨਾ ਹੈ ਅਤੇ ਪੁਲਿਸ ਬਲ ਦਾ ਵੱਡਾ ਹਿੱਸਾ ਵੀ ਇਸੇ ਮਕਸਦ ਲਈ ਵਰਤਿਆ ਜਾਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਕਿਹਾ ਕਿ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਇਹ ਕਦਮ ਇੱਕ ਸਕਾਰਾਤਮਕ ਸੰਦੇਸ਼ ਹੈ, ਜਿਸ ਤੋਂ ਸਰਕਾਰ ਨੂੰ ਸਬਕ ਲੈਣਾ ਚਾਹੀਦਾ ਹੈ। ਜੇਕਰ ਜਨ ਪ੍ਰਤੀਨਿਧੀ ਖੁਦ ਆਪਣੀ ਸੁਰੱਖਿਆ ਵਿੱਚ ਕਟੌਤੀ ਕਰਕੇ ਆਮ ਲੋਕਾਂ ਦੀ ਸੁਰੱਖਿਆ ਨੂੰ ਪਹਿਲ ਦੇਣ ਦੀ ਗੱਲ ਕਰ ਰਹੇ ਹਨ ਤਾਂ ਸਰਕਾਰ ਨੂੰ ਵੀ ਵੀਆਈਪੀ ਸੁਰੱਖਿਆ ਦੀ ਨੀਤੀ ਦੀ ਸਮੀਖਿਆ ਕਰਨੀ ਚਾਹੀਦੀ ਹੈ।

ਗਿਆਨੀ ਹਰਪ੍ਰੀਤ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਵਿੱਚ ਸੁਰੱਖਿਆ ਦੇ ਮਾਮਲੇ ਵਿੱਚ ਸਭ ਤੋਂ ਪਹਿਲੀ ਤਰਜੀਹ ਕਿਸੇ ਵੀ ਵੀਆਈਪੀ ਦੀ ਨਹੀਂ, ਸਗੋਂ ਹਰ ਆਮ ਨਾਗਰਿਕ ਦੀ ਹੋਣੀ ਚਾਹੀਦੀ ਹੈ। ਉਨ੍ਹਾਂ ਸਰਕਾਰ ਨੂੰ ਕਾਨੂੰਨ-ਵਿਵਸਥਾ ਮਜ਼ਬੂਤ ਕਰਨ ਅਤੇ ਲੋਕਾਂ ਵਿੱਚ ਭਰੋਸਾ ਬਹਾਲ ਕਰਨ ਲਈ ਠੋਸ ਕਦਮ ਚੁੱਕਣ ਦੀ ਅਪੀਲ ਵੀ ਕੀਤੀ।

## ਜੀਟੀਬੀਆਈਟੀ ਦੇ 20 ਵਿਦਿਆਰਥੀਆਂ ਦੀ ਆਰ.ਐੱਸ.ਐੱਮ. ਯੂ.ਐੱਸ.ਐੱਲ.ਐੱਲ.ਪੀ. ਵਿੱਚ ਚੋਣ, 7.7 ਲੱਖ ਸਾਲਾਨਾ ਪੈਕੇਜ ਹਾਸਲ




**ਨਵੀਂ ਦਿੱਲੀ 29 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਗੁਰਦੁਆਰਾ ਕਮੇਟੀ ਅਧੀਨ ਚਲ ਰਹੇ ਗੁਰੂ ਤੇਗ ਬਹਾਦਰ ਇੰਸਟੀਚਿਊਟ ਆਫ਼ ਟੈਕਨਾਲੋਜੀ (ਜੀਟੀਬੀਆਈਟੀ) ਦੇ ਵਿਦਿਆਰਥੀਆਂ ਨੇ ਕੈਂਪਸ ਪਲੇਸਮੈਂਟ ਵਿੱਚ ਇੱਕ ਹੋਰ ਵੱਡੀ ਸਫ਼ਲਤਾ ਦਰਜ ਕੀਤੀ ਹੈ। ਸੰਸਥਾ ਦੇ 20 ਵਿਦਿਆਰਥੀਆਂ ਦੀ ਚੋਣ ਪ੍ਰਸਿੱਧ ਕੰਪਨੀ ਆਰ.ਐੱਸ.ਐੱਮ. ਯੂ.ਐੱਸ. ਐੱਲ.ਐੱਲ.ਪੀ. ਵੱਲੋਂ 7.7 ਲੱਖ ਸਾਲਾਨਾ ਦੇ ਆਕਰਸ਼ਕ ਪੈਕੇਜ 'ਤੇ ਕੀਤੀ ਗਈ ਹੈ। ਸੰਸਥਾ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਚੁਣੇ ਗਏ ਵਿਦਿਆਰਥੀ ਟੀ.ਆਰ.ਸੀ., ਸਰਵਿਸ ਨਾਊ ਅਤੇ ਬਾਰਜ਼ ਵਿਭਾਗਾਂ ਵਿੱਚ ਆਪਣੀਆਂ ਸੇਵਾਵਾਂ ਨਿਭਾਉਣਗੇ। ਇਹ ਉਪਲਬਧੀ ਵਿਦਿਆਰਥੀਆਂ ਦੀ ਮਿਹਨਤ, ਪ੍ਰਤਿਭਾ ਅਤੇ ਉਦਯੋਗਿਕ ਲੋੜਾਂ ਅਨੁਸਾਰ ਉਨ੍ਹਾਂ ਦੀ ਤਿਆਰੀ ਦਾ ਪ੍ਰਮਾਣ ਹੈ। ਨਾਲ ਹੀ ਇਹ ਸੰਸਥਾ ਵੱਲੋਂ ਵਿਦਿਆਰਥੀਆਂ ਦੇ ਕਰੀਅਰ ਨਿਰਮਾਣ ਲਈ ਕੀਤੇ ਜਾ ਰਹੇ ਪ੍ਰਭਾਵਸ਼ਾਲੀ ਯਤਨਾਂ ਨੂੰ ਵੀ ਦਰਸਾਉਂਦੀ ਹੈ। ਇਸ ਭਰਤੀ ਪ੍ਰਕਿਰਿਆ ਨੂੰ ਸੰਸਥਾ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਨੇ ਸਫ਼ਲਤਾਪੂਰਵਕ ਸੰਚਾਲਿਤ ਕੀਤਾ। ਇਸ ਟੀਮ ਵਿੱਚ ਪਲੇਸਮੈਂਟ ਮੁਖੀ ਨਮਨ ਕਟਾਰੀਆ, ਸਹਾਇਕ ਪ੍ਰੋਫੈਸਰ ਤੁਸ਼ਾਰ ਮਲਹੋਤਰਾ, ਤਰਵਿੰਦਰ ਕੌਰ ਬਖ਼ਸ਼ੀ, ਹਰਜਿੰਦਰ ਕੌਰ ਅਤੇ ਮਨਪ੍ਰੀਤ ਕੌਰ ਨੇ ਅਹਿਮ ਭੂਮਿਕਾ ਨਿਭਾਈ। ਸੰਸਥਾ ਦੇ ਪ੍ਰਬੰਧਕਾਂ ਨੇ ਚੁਣੇ ਗਏ ਸਾਰੇ ਵਿਦਿਆਰਥੀਆਂ ਅਤੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਨੂੰ ਇਸ ਸ਼ਾਨਦਾਰ ਉਪਲਬਧੀ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਸਫ਼ਲਤਾ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਬਣੇਗੀ ਅਤੇ ਭਵਿੱਖ ਵਿੱਚ ਵੀ ਸੰਸਥਾ ਇਸੇ ਤਰ੍ਹਾਂ ਨਵੇਂ ਕੀਰਤੀਮਾਨ ਸਥਾਪਤ ਕਰਦੀ ਰਹੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਵਿਧਾਨ ਸਭਾ ਚੋਣਾਂ ਲਈ 20 ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ, ਹਲਕਾ ਫਿਰੋਜ਼ਪੁਰ ਸ਼ਹਿਰੀ ਤੋਂ ਤੇਜਿੰਦਰ ਸਿੰਘ ਦਿਓਲ ਤੇ ਜਤਾਇਆ ਭਰੋਸਾ

ਫ਼ਿਰੋਜ਼ਪੁਰ, 29 ਜੁਲਾਈ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਪੰਜਾਬ ਅਸੈਂਬਲੀ ਚੋਣਾਂ ਲਈ ਵੱਖ—ਵੱਖ ਹਲਕਿਆਂ ਤੋਂ ਆਪਣੇ 20 ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰ ਦਿੱਤੀ ਗਈ ਹੈ। ਪਾਰਟੀ ਦੇ ਪ੍ਰਧਾਨ ਸ: ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਪਾਰਲੀਮੈਂਟਰੀ ਬੋਰਡ ਦੀ ਹੋਈ ਅਹਿਮ ਮੀਟਿੰਗ ਵਿੱਚ ਇਨ੍ਹਾਂ ਉਮੀਦਵਾਰਾਂ ਦੇ ਨਾਵਾਂ ਤੇ ਅੰਤਿਮ ਮੁਹਰ ਲਗਾਈ ਗਈ। ਇਸ ਜਾਰੀ ਕੀਤੀ ਗਈ ਸੂਚੀ ਅਨੁਸਾਰ ਹਲਕਾ ਫਿਰੋਜ਼ਪੁਰ ਸ਼ਹਿਰੀ ਤੋਂ ਪਾਰਟੀ ਨੇ ਤੇਜਿੰਦਰ ਸਿੰਘ ਦਿਓਲ ਨੂੰ ਆਪਣਾ

ਆਵਾਜ਼ਿ ਕੌਮ AWAZE QAUM International Newspaper & WEB TV

ਅਧਿਕਾਰਤ ਉਮੀਦਵਾਰ ਐਲਾਨਿਆ ਹੈ। ਪਾਰਟੀ ਦੀ ਹਾਈਕਮਾਂਡ ਨੇ ਤੇਜਿੰਦਰ ਸਿੰਘ ਦਿਓਲ ਦੀਆਂ ਪੰਥਕ ਅਤੇ ਸਮਾਜਿਕ ਸੇਵਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਉੱਤੇ ਵੱਡਾ ਭਰੋਸਾ ਪ੍ਰਗਟਾਇਆ ਹੈ। ਜ਼ਿਕਰਯੋਗ ਹੈ ਕਿ ਤੇਜਿੰਦਰ ਸਿੰਘ ਦਿਓਲ ਨੂੰ ਫਿਰੋਜ਼ਪੁਰ ਸ਼ਹਿਰੀ ਹਲਕੇ ਤੋਂ ਉਮੀਦਵਾਰ ਐਲਾਨੇ ਜਾਣ ਤੋਂ ਬਾਅਦ ਇਲਾਕੇ ਦੇ ਪਾਰਟੀ ਵਰਕਰਾਂ, ਸਮਰਥਕਾਂ ਅਤੇ ਪੰਥਕ ਦਰਦ ਰੱਖਣ ਵਾਲੇ ਲੋਕਾਂ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ। ਪਾਰਟੀ ਆਗੂਆਂ ਦਾ ਕਹਿਣਾ ਹੈ ਕਿ ਦਿਓਲ ਹਮੇਸ਼ਾ ਇਲਾਕੇ ਦੇ ਲੋਕਾਂ ਦੇ ਦੁੱਖ—ਸੁੱਖ ਵਿੱਚ ਨਾਲ ਖੜ੍ਹਦੇ ਆਏ ਹਨ ਅਤੇ ਹੁਣ ਚੋਣ ਮੈਦਾਨ ਵਿੱਚ ਨਿੱਤਰ ਕੇ ਹਲਕੇ ਦੀ ਬਿਹਤਰੀ ਲਈ ਕੰਮ ਕਰਨਗੇ। ਟਿਕਟ ਮਿਲਣ ਤੇ ਤੇਜਿੰਦਰ ਸਿੰਘ ਦਿਓਲ ਨੇ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ, ਪਾਰਲੀਮੈਂਟਰੀ ਬੋਰਡ ਅਤੇ ਸੈਕਟਰੀ ਗੁਰਜੰਟ ਸਿੰਘ ਕੱਟੂ ਸਮੇਤ ਸਮੁੱਚੀ ਪਾਰਟੀ ਹਾਈਕਮਾਂਡ ਦਾ ਧੰਨਵਾਦ ਪ੍ਰਗਟਾਇਆ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਪੰਥਕ ਸੋਚ ਨੂੰ ਘਰ—ਘਰ ਪਹੁੰਚਾਉਣਗੇ ਅਤੇ ਹਲਕਾ ਫਿਰੋਜ਼ਪੁਰ ਸ਼ਹਿਰੀ ਦੇ ਵਿਕਾਸ ਤੇ ਲੋਕਾਂ ਦੇ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਚੁੱਕਣਗੇ।



ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ
ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼
ਹੈੱਡ ਕੁਆਟਰ ਦਮਦਮੀ ਟਕਸਾਲ ਮਹਿਤਾ
ਦਾਖ਼ਲਾ ਆਰੰਭ
ਫ੍ਰੀ ਰਿਹਾਇਸ਼
ਫ੍ਰੀ ਵਿੱਦਿਆ
ਕਿਸੇ ਪ੍ਰਕਾਰ ਦਾ ਕੋਈ ਖਰਚਾ ਨਹੀਂ
• ਦੁਨਿਆਵੀ ਪੜ੍ਹਾਈ
• ਰਿਹਾਇਸ਼
• ਧਾਰਮਿਕ ਵਿੱਦਿਆ
• ਲੰਗਰ
• ਕੀਰਤਨ ਸਿਖਲਾਈ
• ਬਸਤਰ
9ਵੀਂ, 10ਵੀਂ, +1, +2,
ਬੀ.ਏ, ਐੱਮ. ਏ.
ਹੋਰ ਜਾਣਕਾਰੀ
ਲਈ ਸੰਪਰਕ ਕਰੋ।
ਆਵਾਜ਼ਿ ਕੌਮ
AWAZE QAUM
International Newspaper & WEB TV
ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
98150-85162

## ਖਾਲਸਾ ਕਾਲਜ ਮਹਿਤਾ

# ਐਮ.ਏ ਇਤਿਹਾਸ ਫਾਈਨਲ ਦਾ ਸ਼ਾਨਦਾਰ ਨਤੀਜਾ : ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ



**ਚੌਕ ਮਹਿਤਾ,29 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਐਮ.ਏ ਇਤਿਹਾਸ ਫਾਈਨਲ ਸਮੈਸਟਰ ਦੇ ਨਤੀਜੇ 100% ਰਹੇ। ਜਿਸ ਵਿੱਚ ਮਨਦੀਪ ਕੌਰ 86% ,ਸੰਦੀਪ ਕੌਰ, ਸ਼ਰਨਜੀਤ ਕੌਰ 84%, ਹਰਪ੍ਰੀਤ ਕੌਰ, ਜਸ਼ਨਪ੍ਰੀਤ ਕੌਰ, ਨਵਨੀਤ ਕੌਰ, 82% ਨੇ ਅੰਕ ਪ੍ਰਾਪਤ ਕਰ ਕੇ ਕ੍ਰਮਵਾਰ ਪਹਿਲਾ, ਦੂਜਾ, ਤੀਜਾ ਸਥਾਨ ਹਾਸਿਲ ਕਰਕੇ ਆਪਣੇ ਮਾਪਿਆਂ ਅਤੇ ਕਾਲਜ ਦਾ ਮਾਣ ਵਧਾਇਆ। ਇਸ ਤੋਂ ਇਲਾਵਾ ਨਵਨੀਤ ਕੌਰ, ਕਿਰਨਦੀਪ ਕੌਰ, ਯਾਦਬੀਰ ਕੌਰ, ਮਨਪ੍ਰੀਤ ਕੌਰ ਤੇ ਪ੍ਰੇਮਜੀਤ ਸਿੰਘ ਨੇ ਵੀ ਵਧੀਆ ਅੰਕ ਪ੍ਰਾਪਤ ਕੀਤੇ । ਇਸ ਮੌਕੇ ਖੁਸ਼ੀ ਜ਼ਾਹਿਰ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਕਿਹਾ ਕਿ ਇਸ ਸਾਲ ਸਾਡੇ ਕਾਲਜ ਨੇ ਅਕਾਦਮਿਕ ਖੇਤਰ ਵਿੱਚ ਨਵੀਆਂ ਉਚਾਈਆਂ ਨੂੰ ਛੂਹਿਆ ਹੈ। ਇਹ ਨਤੀਜਾ ਇਥੇ ਸਾਡੀ ਟੀਮ ਵਰਕ, ਵਿਦਿਆਰਥੀਆਂ ਦੀ ਮਿਹਨਤ ,ਅਧਿਆਪਕਾਂ ਦੀ ਸੱਚੇ ਨਿਭਾਏ ਗਏ ਫਰਜ਼ ਅਤੇ ਮਾਪਿਆਂ ਦੇ ਵਿਸ਼ਵਾਸ ਦਾ ਪਰਿਣਾਮ ਹੈ ਉਹਨਾਂ ਨੇ ਵਿਦਿਆਰਥੀਆ ਦੇ ਉਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਸੰਸਥਾ ਹਮੇਸ਼ਾ ਇਸੇ ਯਤਨ ਵਿੱਚ ਰਹਿੰਦੀ ਹੈ ਕਿ ਵਿਦਿਆਰਥੀਆਂ ਨੂੰ ਅਜਿਹੀ ਵਿਦਿਅਕ ਸਿਖਲਾਈ ਦਿੱਤੀ ਜਾਵੇ ਜਿਸ ਨਾਲ ਉਹ ਵਰਤਮਾਨ ਸਮੇਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਕਾਬਲ ਬਣ ਸਕਣ ਅਤੇ ਆਧੁਨਿਕ ਮੁਕਾਬਲੇ ਵਾਲੇ ਯੁੱਗ ਵਿੱਚ ਆਪਣੀ ਨਿਵੇਕਲੀ ਪਹਿਚਾਣ ਬਣਾ ਸਕਣ ।ਨਾਲ ਹੀ ਉਹਨਾਂ ਨੇ ਆਪਣੇ ਕਾਲਜ ਦੇ ਮਿਹਨਤੀ ਅਤੇ ਕਾਬਲ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਸੁਨਹਿਰੀ ਮੌਕੇ ’ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ .ਜਤਿੰਦਰ ਸ਼ਰਮਾ , ਕੁਲਦੀਪ ਕੌਰ , ਸੁਖਦੇਵ ਸਿੰਘ, ਮਨਜੀਤ ਕੌਰ,ਗੁਰਵਿੰਦਰ ਕੌਰ , ਨਵਨੀਤ ਕੌਰ, ਸੰਦੀਪ ਕੌਰ , ਸੁਪ੍ਰੀਤ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ, ਪਵਨਦੀਪ ਕੌਰ, ਅਮਨਦੀਪ ਕੌਰ, ਬਲਜੀਤ ਕੌਰ, ਮਨਦੀਪ ਕੌਰ, ਪੂਰਤੀ ਸ਼ਰਮਾ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

## ਆਪਣੀ ਮਾਤਾ ਨਾਲ ਮਿਲਣ ਲਈ

# ਭਾਈ ਜਗਤਾਰ ਸਿੰਘ ਹਵਾਰਾ ਨੂੰ ਤੁਰੰਤ ਪੈਰੋਲ ਦੇਵੇ ਸਰਕਾਰ : ਸ ਤਲਵੰਡੀ



**ਰੋਪੜ੍ਹ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਯੂਥ ਵਿੰਗ ਦੇ ਪ੍ਰਧਾਨ ਸ ਗੁਰਜੀਤ ਸਿੰਘ ਤਲਵੰਡੀ ਆਪਣੇ ਸਾਥੀਆਂ ਸਮੇਤ ਅੱਜ ਪਿੰਡ ਹਵਾਰਾ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਨੇ ਬੰਦੀ ਸਿੰਘ ਭਾਈ ਜਗਤਾਰ ਸਿੰਘ ਹਵਾਰਾ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ ਅਤੇ ਭਾਈ ਹਵਾਰਾ ਦੀ ਮਾਤਾ ਜੀ ਤੋਂ ਅਸ਼ੀਰਵਾਦ ਲਿਆ। ਇਸ ਮੌਕੇ ਯੂਥ ਅਕਾਲੀ ਦਲ ਦੇ ਸਮੂਹ ਅਹੁਦੇਦਾਰਾਂ ਵੱਲੋਂ ਸੰਗਤ ਰੂਪ ਵਿੱਚ ਕੁਝ ਸਮਾਂ ਮੂਲ ਮੰਤਰ ਦਾ ਪਾਠ ਵੀ ਕੀਤਾ ਗਿਆ। ਇਸ ਮੌਕੇ ਸ. ਗੁਰਜੀਤ ਸਿੰਘ ਤਲਵੰਡੀ ਨੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਭਾਈ ਜਗਤਾਰ ਸਿੰਘ ਹਵਾਰਾ ਨੂੰ ਪੈਰੋਲ ਦੇਣ ਲਈ ਭਾਵੁਕ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਭਾਈ ਹਵਾਰਾ ਦੀ ਮਾਤਾ ਜੀ ਦੀ ਉਮਰ ਅਤੇ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਨੂੰ ਆਪਣੇ ਪੁੱਤਰ ਨਾਲ ਮਿਲਣ ਦਾ ਮੌਕਾ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸਿਰਫ਼ ਕਾਨੂੰਨੀ ਹੀ ਨਹੀਂ, ਸਗੋਂ ਮਨੁੱਖੀ ਸੰਵੇਦਨਾਵਾਂ ਨਾਲ ਵੀ ਜੁੜਿਆ ਹੋਇਆ ਹੈ। ਸ. ਤਲਵੰਡੀ ਨੇ ਕਿਹਾ ਕਿ ਸੰਵਿਧਾਨ ਅਤੇ ਕਾਨੂੰਨ ਸਭ ਲਈ ਬਰਾਬਰ ਹੋਣਾ ਚਾਹੀਦਾ ਹੈ। ਕਿਸੇ ਵੀ ਵਿਅਕਤੀ ਨੂੰ ਹਮੇਸ਼ਾਂ ਲਈ ਜੇਲ੍ਹ ਵਿੱਚ ਨਹੀਂ ਰੱਖਿਆ ਜਾ ਸਕਦਾ। ਸਰਕਾਰ ਅਤੇ ਪ੍ਰਸ਼ਾਸਨ ਨੂੰ ਇਸ ਮਾਮਲੇ ’ਤੇ ਮਨੁੱਖੀ ਹਮਦਰਦੀ ਅਤੇ ਕਾਨੂੰਨ ਦੇ ਦਾਇਰੇ ਵਿੱਚ ਰਹਿੰਦਿਆਂ ਸਕਾਰਾਤਮਕ ਪਹੁੰਚ ਅਪਣਾਉਣੀ ਚਾਹੀਦੀ ਹੈ। ਉਨ੍ਹਾਂ ਸਮੁੱਚੀ ਸਿੱਖ ਕੌਮ ਨੂੰ ਵੀ ਅਪੀਲ ਕੀਤੀ ਕਿ ਭਾਈ ਜਗਤਾਰ ਸਿੰਘ ਹਵਾਰਾ ਅਤੇ ਉਨ੍ਹਾਂ ਦੇ ਪਰਿਵਾਰ ਦੀ ਚੜ੍ਹਦੀ ਕਲਾ ਅਤੇ ਭਾਈ ਹਵਾਰਾ ਦੀ ਰਿਹਾਈ ਲਈ ਅਰਦਾਸ ਕੀਤੀ ਜਾਵੇ। ਇਸ ਮੌਕੇ ਨਵਿੰਦਰਪ੍ਰੀਤ ਸਿੰਘ ਲੌਂਗੋਵਾਲ, ਮਾਸਟਰ ਚਰਨਜੀਤ ਸਿੰਘ ਖਾਲਸਪੁਰ, ਐਡਵੋਕੇਟ ਰਵਿੰਦਰ ਸਿੰਘ ਸ਼ਾਹਪੁਰ, ਸ ਗੁਰਸੇਵਕ ਸਿੰਘ ਮਾਣੇਆਣਾ, ਸ ਅਰਵਿੰਦਰ ਸਿੰਘ ਚਾਹਲ, ਸ ਚਰਨਜੀਤ ਸਿੰਘ ਮਾਵੀ, ਸ ਸਤਨਾਮ ਸਿੰਘ ਅਰੋੜੇਵਾਲਾ, ਸ੍ਰੀ ਅਮਿਤ ਕੁਮਾਰ ਸੇਠੀ, ਸ ਜਗਜੀਤ ਸਿੰਘ ਕੋਹਲੀ (ਦਫ਼ਤਰ ਇੰਚਾਰਜ), ਸ ਜਗਰੂਪ ਸਿੰਘ ਅਤੇ ਗੁਰਵਿੰਦਰ ਸਿੰਘ ਸੁਖਮਨ ਸਮੇਤ ਯੂਥ ਅਕਾਲੀ ਦਲ ਦੇ ਸਮੂਹ ਸੂਬਾ ਅਹੁਦੇਦਾਰ ਉਹਨਾਂ ਦੇ ਨਾਲ ਸਨ। ਪ੍ਰੈੱਸ ਨੂੰ ਇਹ ਜਾਣਕਾਰੀ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤੀ ਗਈ।

**ਭਾਈ ਹਵਾਰਾ ਦੇ ਘਰ ਪਹੁੰਚ ਕੇ ਯੂਥ ਆਗੂਆਂ ਨੇ ਮਾਤਾ ਜੀ ਤੋਂ ਲਿਆ ਅਸ਼ੀਰਵਾਦ**

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਛਪੜੀ ਸਾਹਿਬ ਪਿੰਡ ਤੂਤ ਵਿਖੇ ਸਾਵਣ ਮਹੀਨੇ ਦੀ ਸੰਗਰਾਂਦ ਸ਼ਰਧਾ ਭਾਵਨਾ ਨਾਲ ਮਨਾਈ ਗਈ



ਫ਼ਿਰੋਜ਼ਪੁਰ, 29 ਜੁਲਾਈ (ਮਨੋਹਰ ਲਾਲ) :— ਗੁਰਦੁਆਰਾ ਛਪੜੀ ਸਾਹਿਬ, ਪਿੰਡ ਤੂਤ ਵਿਖੇ ਸਾਵਣ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਇਲਾਕੇ ਦੀਆਂ ਸੰਗਤਾਂ ਦੇ ਭਾਰੀ ਸਹਿਯੋਗ ਨਾਲ ਬੜੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸ਼ੁਭ ਅਵਸਰ ਤੇ ਗੁਰਦੁਆਰਾ ਸਾਹਿਬ ਵਿਖੇ ਸਭ ਤੋਂ ਪਹਿਲਾਂ ਰੱਖੇ ਗਏ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਸੰਪੂਰਨਤਾ ਨਾਲ ਪਾਏ ਗਏ। ਭੋਗ ਉਪਰੰਤ ਗੁਰਦੁਆਰਾ ਸਾਹਿਬ ਦੇ ਦਰਬਾਰ ਹਾਲ ਵਿੱਚ ਧਾਰਮਿਕ ਦੀਵਾਨ ਸਜਾਏ ਗਏ। ਇਨ੍ਹਾਂ ਦੀਵਾਨਾਂ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ ਅਤੇ ਕਥਾਵਾਚਕ ਜਥਿਆਂ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ। ਜਥਿਆਂ ਨੇ ਆਪਣੀ ਰਸਭਿੰਨੀ ਅਤੇ ਮਧੁਰ ਬਾਣੀ ਦੇ ਕੀਰਤਨ ਰਾਹੀਂ ਗੁਰੂ ਇਤਿਹਾਸ ਸੁਣਾ ਕੇ ਹਾਜ਼ਰ ਸਮੂਹ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗੁਰਦੁਆਰਾ ਛਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਉਨ੍ਹਾਂ ਕਥਾ ਕਰਦਿਆਂ ਫ਼ਰਮਾਇਆ ਕਿ ਮਨੁੱਖ ਨੂੰ ਹਮੇਸ਼ਾ ਵਾਹਿਗੁਰੂ ਦੇ ਭਾਣੇ ਵਿੱਚ ਰਹਿ ਕੇ ਆਪਣਾ ਜੀਵਨ ਬਸਰ ਕਰਨਾ ਚਾਹੀਦਾ ਹੈ। ਗੁਰਬਾਣੀ ਪੜ੍ਹਨ ਅਤੇ ਸੁਣਨ ਨਾਲ ਮਨੁੱਖ ਦੇ ਜੀਵਨ ਦੇ ਸਮੂਹ ਦੁੱਖ ਕਲੇਸ਼ ਦੂਰ ਹੋ ਜਾਂਦੇ ਹਨ। ਇਸ ਲਈ ਵੱਧ ਤੋਂ ਵੱਧ ਸੰਗਤਾਂ ਨੂੰ ਗੁਰੂ ਘਰ ਆ ਕੇ ਆਪਣਾ ਜੀਵਨ ਸਫਲਾ ਕਰਨਾ ਚਾਹੀਦਾ ਹੈ। ਅੱਗੇ ਜਾਣਕਾਰੀ ਦਿੰਦਿਆਂ ਸੰਤ ਬਾਬਾ ਬੋਹੜ ਸਿੰਘ ਨੇ ਦੱਸਿਆ ਕਿ ਆਉਂਦੀ 25 ਅਗਸਤ (ਦਿਨ ਮੰਗਲਵਾਰ) ਨੂੰ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਦੇ ਜਨਮ ਦਿਨ ਨੂੰ ਸਮਰਪਿਤ ਇੱਕ ਵਿਸ਼ਾਲ ਅਤੇ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਸਮਾਗਮ ਵਿੱਚ ਸਿੱਖ ਪੰਥ ਦੇ ਮਹਾਨ ਰਾਗੀ, ਢਾਡੀ, ਕਥਾਵਾਚਕ ਜਥਿਆਂ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸੰਤ ਮਹਾਂਪੁਰਖ ਗੁਰੂ ਘਰ ਵਿਖੇ ਹਾਜ਼ਰੀ ਲਵਾਉਣਗੇ। ਸੰਗਰਾਂਦ ਦੇ ਦਿਹਾੜੇ ਤੇ ਗੁਰਦੁਆਰਾ ਛਪੜੀ ਸਾਹਿਬ ਦੇ ਭਾਈ ਹਰਪਿੰਦਰ ਸਿੰਘ ਨੇ ਆਈਆਂ ਹੋਈਆਂ ਸੰਗਤਾਂ ਦੀ ਹੱਥੀਂ ਨਿਸ਼ਕਾਮ ਸੇਵਾ ਕੀਤੀ। ਇਸ ਪਵਿੱਤਰ ਅਵਸਰ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ, ਜਿਸ ਦਾ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਆਨੰਦ ਮਾਣਿਆ। ਇਸ ਮੌਕੇ ਤੇ ਸ੍ਰੀਮਾਨ ਸੰਤਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਮੀਰੀ ਪੀਰੀ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਦੋ ਤਲਵਾਰਾਂ ਬੱਧੀਆਂ ਇੱਕ ਮੀਰ ਦੀ ਇੱਕ ਪੀਰ ਦੀ ਇਕ ਭਗਤੀ ਦੀ ਇਕ ਸ਼ਕਤੀ ਦੀ ਇਕ ਅਜਾਮਤ ਦੀ ਇਕ ਰਾਜ ਦੀ ਇਕ ਰਾਖੀ ਕਰੇ ਵਜ਼ੀਰ ਦੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਸਾਹਿਬ ਜੀ ਦੀ ਮੀਰੀ ਪੀਰੀ ਦੀਆ ਸੰਗਤਾਂ ਨੂੰ ਵਧਾਈਆਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਐਲ.ਏ.ਡੀ.ਸੀ ਸਿਸਟਮ ਖਿਲਾਫ਼ 7 ਅਗਸਤ ਨੂੰ ਜੰਤਰ ਮੰਤਰ ਤੇ ਪੁਰਅਮਨ ਧਰਨਾ ਦੇਣਗੇ ਵਕੀਲ



ਫ਼ਿਰੋਜ਼ਪੁਰ, 29 ਜੁਲਾਈ (ਮਨੋਹਰ ਲਾਲ) :— ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਦੇ ਵਿਰੋਧ ਵਿੱਚ ਪੰਜਾਬ, ਹਰਿਆਣਾ ਅਤੇ ਯੂ.ਟੀ. ਚੰਡੀਗੜ੍ਹ ਦੀਆਂ ਬਾਰ ਐਸੋਸੀਏਸ਼ਨਾਂ ਦੀ ਜੁਆਇੰਟ ਐਕਸ਼ਨ ਕਮੇਟੀ ਨੇ ਇੱਕ ਵੱਡੇ ਰੋਸ ਪ੍ਰਦਰਸ਼ਨ ਦਾ ਐਲਾਨ ਕੀਤਾ ਹੈ। ਸਰਕਾਰ ਦੀ ਨੀਤੀ ਵਿਰੁੱਧ ਆਵਾਜ਼ ਬੁਲੰਦ ਕਰਦਿਆਂ ਐਡਵੋਕੇਟ ਲਵਜੀਤ ਪਾਲ ਸਿੰਘ ਟੁਰਨਾ ਪ੍ਰਧਾਨ ਬਾਰ ਕੌਂਸਲ ਫ਼ਿਰੋਜ਼ਪੁਰ ਨੇ ਦੱਸਿਆ ਕਿ ਇਸ ਫੈਸਲੇ ਤਹਿਤ 7 ਅਗਸਤ 2026 ਨੂੰ ਨਵੀਂ ਦਿੱਲੀ ਦੇ ਜੰਤਰ ਮੰਤਰ ਵਿਖੇ ਵਕੀਲਾਂ ਵੱਲੋਂ ਵਿਸ਼ਾਲ ਅਤੇ ਪੁਰਅਮਨ ਧਰਨਾ ਦਿੱਤਾ ਜਾਵੇਗਾ। ਭਾਰਤ ਦੇ ਮਾਨਯੋਗ ਮੁੱਖ ਜੱਜ ਅਤੇ ਨਾਲਸਾ ਅੱਗੇ ਵਕੀਲਾਂ ਵੱਲੋਂ ਦੋ ਮੁੱਖ ਮੰਗਾਂ ਰੱਖੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਨੂੰ ਤੁਰੰਤ ਪ੍ਰਭਾਵ ਨਾਲ ਰੱਦ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਮੁਫ਼ਤ ਕਾਨੂੰਨੀ ਸਹਾਇਤਾ ਲਈ ਪਹਿਲਾਂ ਤੋਂ ਚੱਲ ਰਹੇ ਪੈਨਲ ਲਾਇਰਜ਼ ਸਿਸਟਮ ਨੂੰ ਦੋਬਾਰਾ ਲਾਗੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਵਕੀਲ ਭਾਈਚਾਰੇ ਦਾ ਮੰਨਣਾ ਹੈ ਕਿ ਐਲ.ਏ.ਡੀ.ਸੀ ਸਿਸਟਮ ਵਕਾਲਤ ਦੀ ਆਜ਼ਾਦੀ ਤੇ ਸੋਟਾ ਮਾਰਦਾ ਹੈ ਅਤੇ ਵਕੀਲ ਭਾਈਚਾਰੇ ਨੇ ਨਾਅਰਾ ਦਿੱਤਾ ਕਿ ਵਕੀਲਾਂ ਦੀ ਸੁਤੰਤਰਤਾ ਦੀ ਰਾਖੀ ਲਈ ਇਕਜੁੱਟ ਹੋ ਕੇ ਇਸ ਪ੍ਰਣਾਲੀ ਦਾ ਵਿਰੋਧ ਕਰਨਗੇ। ਉਨ੍ਹਾਂ ਕਿਹਾ ਕਿ ਧਰਨੇ ਵਿਚ ਸ਼ਾਮਲ ਹੋਣ ਵਾਲੇ ਵਕੀਲਾਂ ਨੂੰ ਗਰਮੀ ਵਾਲੀ ਯੂਨੀਫਾਰਮ ਨਿਰਧਾਰਤ ਹੋਵੇਗੀ ਅਤੇ ਇਹ ਰੋਸ ਪ੍ਰਦਰਸ਼ਨ ਪੂਰੀ ਤਰ੍ਹਾਂ ਖਾਮੋਸ਼, ਸ਼ਾਂਤਮਈ ਅਤੇ ਅਨੁਸ਼ਾਸਨ ਵਿੱਚ ਰਹਿ ਕੇ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਰ ਵਕੀਲ ਆਪਣੇ ਹੱਥਾਂ ਵਿੱਚ ਐਲ.ਏ.ਡੀ.ਸੀ ਸਿਸਟਮ ਦੇ ਵਿਰੋਧ ਵਾਲੇ ਨਾਅਰਿਆਂ ਦੇ ਪਲੇਕਾਰਡ ਜਾਂ ਬੈਨਰ ਲੈ ਕੇ ਪਹੁੰਚੇਗਾ। ਜੁਆਇੰਟ ਐਕਸ਼ਨ ਕਮੇਟੀ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਸਮੂਹ ਵਕੀਲਾਂ ਨੂੰ ਵੱਡੀ ਗਿਣਤੀ ਵਿੱਚ ਦਿੱਲੀ ਪਹੁੰਚ ਕੇ ਇਸ ਵਿਰੋਧ ਪ੍ਰਦਰਸ਼ਨ ਨੂੰ ਸਫਲ ਬਣਾਉਣ ਦੀ ਅਪੀਲ ਕੀਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਅਕਾਲੀ ਦਲ ਦੇ ਰੋਸ ਪ੍ਰਦਰਸ਼ਨ ਨੂੰ ਮਿਲਿਆ ਲੋਕਾਂ ਦਾ ਭਰਵਾਂ ਹੁੰਗਾਰਾ

# ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ ਲੋਕਾਂ ਵਿੱਚ ਭਾਰੀ ਰੋਸ: ਕਰਨੈਲ ਸਿੰਘ ਪੰਜੋਲੀ



**ਚੰਡੀਗੜ੍ਹ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਕਰਨੈਲ ਸਿੰਘ ਪੰਜੋਲੀ ਨੇ ਚੰਡੀਗੜ੍ਹ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੀਤੇ ਗਏ ਰੋਸ ਪ੍ਰਦਰਸ਼ਨ ਨੂੰ ਲੋਕਾਂ ਦਾ ਭਰਵਾਂ ਸਮਰਥਨ ਮਿਲਣ ਦਾ ਦਾਅਵਾ ਕਰਦਿਆਂ ਕਿਹਾ ਕਿ ਪੰਜਾਬ ਦੀ ਜਨਤਾ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਨਿਰਾਸ਼ ਹੈ। ਜਾਰੀ ਬਿਆਨ ਵਿੱਚ ਕਰਨੈਲ ਸਿੰਘ ਪੰਜੋਲੀ ਨੇ ਕਿਹਾ ਕਿ ਭਾਈ ਤਰਸੇਮ ਸਿੰਘ ਦੀ ਅਗਵਾਈ ਹੇਠ ਬੰਦੀ ਸਿੰਘਾਂ ਦੀ ਰਿਹਾਈ ਲਈ ਅਤੇ ਪੰਜਾਬ ਦੇ ਮੁੱਖ ਮੰਤਰੀ ਦੇ ਘਰ ਦਾ ਘਿਰਾਓ ਕਰਨ ਲਈ ਰੱਖੇ ਗਏ ਪ੍ਰੋਗਰਾਮ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਦੀ ਸ਼ਮੂਲੀਅਤ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਪੰਜਾਬ ਦੇ ਲੋਕ ਅਕਾਲੀ ਦਲ ਦੇ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਵਿੱਚ ਕਰੀਬ 40 ਸਾਲ ਪਹਿਲਾਂ ਹੋਏ ਸੰਘਰਸ਼ਾਂ ਵਰਗਾ ਮਾਹੌਲ ਦੇਖਣ ਨੂੰ ਮਿਲਿਆ। ਪੰਜੋਲੀ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੇ ਵੀ ਇਸ ਅੰਦੋਲਨ ਵਿੱਚ ਵੱਡੇ ਉਤਸ਼ਾਹ ਨਾਲ ਹਿੱਸਾ ਲਿਆ, ਜਿਸ ਨਾਲ ਇਹ ਸਾਬਤ ਹੁੰਦਾ ਹੈ ਕਿ ਪੰਜਾਬ ਦੇ ਨੌਜਵਾਨ ਵੀ ਆਪਣੇ ਹੱਕਾਂ ਅਤੇ ਪੰਥਕ ਮਸਲਿਆਂ ਪ੍ਰਤੀ ਜਾਗਰੂਕ ਹਨ। ਉਨ੍ਹਾਂ ਦਾਅਵਾ ਕੀਤਾ ਕਿ ਇਹ ਇਕੱਠ ਪੰਜਾਬ ਦੀ ਸਿਆਸਤ ਵਿੱਚ ਨਵਾਂ ਸੰਦੇਸ਼ ਦੇਣ ਵਾਲਾ ਹੈ ਅਤੇ ਲੋਕਾਂ ਦਾ ਭਰੋਸਾ ਮੁੜ ਸ਼੍ਰੋਮਣੀ ਅਕਾਲੀ ਦਲ ਵੱਲ ਵੱਧ ਰਿਹਾ ਹੈ। ਕਰਨੈਲ ਸਿੰਘ ਪੰਜੋਲੀ ਨੇ ਕਿਹਾ ਕਿ ਇਸ ਰੋਸ ਪ੍ਰਦਰਸ਼ਨ ਵਿੱਚ ਮਹਿੰਦਰਜੀਤ ਸਿੰਘ ਖਹਿਰਾ, ਸਰਬਜੀਤ ਸਿੰਘ ਬਿੱਲਾ, ਨਵਪ੍ਰੀਤ ਸਿੰਘ ਪੰਨੂ ਅਤੇ ਜਸਨਪ੍ਰੀਤ ਸਿੰਘ ਪੰਨੂ ਸਮੇਤ ਕਈ ਆਗੂਆਂ ਅਤੇ ਵਰਕਰਾਂ ਦੀ ਸਰਗਰਮ ਸ਼ਮੂਲੀਅਤ ਰਹੀ। ਉਨ੍ਹਾਂ ਕਿਹਾ ਕਿ ਪਾਰਟੀ ਆਉਣ ਵਾਲੇ ਸਮੇਂ ਵਿੱਚ ਵੀ ਪੰਜਾਬ ਅਤੇ ਪੰਥ ਨਾਲ ਜੁੜੇ ਮਸਲਿਆਂ ਲਈ ਲੋਕਤੰਤਰੀ ਢੰਗ ਨਾਲ ਆਪਣੀ ਲੜਾਈ ਜਾਰੀ ਰੱਖੇਗੀ।

### ਪਿੰਡ ਗੋਲੇਵਾਲਾ ਦੇ ਮੱਖਣ ਸਿੰਘ ਦੇ ਪਰਿਵਾਰ ਨੇ

# ਤੱਕੜੀ ਛੱਡ ਕੇ ਫੜਿਆ ਝਾੜੂ




**ਤਲਵੰਡੀ ਸਾਬੋ, 28 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਲੋਕ ਮਿਲਣੀ ਪ੍ਰੋਗਰਾਮ ਤਹਿਤ ਹਲਕਾ ਵਿਧਾਇਕਾ ਅਤੇ ਕੈਬਨਿਟ ਰੈਂਕ ਪ੍ਰਾਪਤ ਪ੍ਰੋ. ਬਲਜਿੰਦਰ ਕੌਰ ਦੀ ਅਗਵਾਈ ਹੇਠ ਪਿੰਡ ਗੋਲੇਵਾਲਾ ਵਿਖੇ ਆਯੋਜਿਤ ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ ਮੱਖਣ ਸਿੰਘ ਦੇ ਪਰਿਵਾਰ ਨੇ ਪਾਰਟੀ ਨੂੰ ਅਲਵਿਦਾ ਕਹਿੰਦੇ ਹੋਏ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕਰ ਲਈ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਮੱਖਣ ਸਿੰਘ ਦੇ ਪਰਿਵਾਰ ਦਾ ਸਿਰਪਾਓ ਪਾ ਕੇ ਪਾਰਟੀ ਵਿੱਚ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਾਰਟੀਆਂ ਦੇ ਆਗੂ ਅਤੇ ਵਰਕਰ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਸਾਥੀ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਹਲਕੇ ਦੇ ਵਿਕਾਸ ਲਈ ਮਿਲ ਕੇ ਕੰਮ ਕੀਤਾ ਜਾਵੇਗਾ। ਪਾਰਟੀ ਵਿੱਚ ਸ਼ਾਮਲ ਹੋਏ ਮੱਖਣ ਸਿੰਘ ਦੇ ਪਰਿਵਾਰਕ ਮੈਂਬਰਾਂ ਨੇ ਕਿਹਾ ਕਿ ਉਹ ਪ੍ਰੋ. ਬਲਜਿੰਦਰ ਕੌਰ ਦੀ ਅਗਵਾਈ ਅਤੇ ਪੰਜਾਬ ਸਰਕਾਰ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਲਖਵੀਰ ਸਿੰਘ ਸਰਪੰਚ ਗੋਲੇਵਾਲਾ, ਬਲਾਕ ਪ੍ਰਧਾਨ ਬਿੱਕਰ ਸਿੰਘ ਨਥੇਹਾ, ਬਲਾਕ ਪ੍ਰਧਾਨ ਮਹਿਲਾ ਵਿੰਗ ਰਣਜੀਤ ਕੌਰ, ਮਹਿਮਾ ਸਿੰਘ ਵਾਈਸ ਚੇਅਰਮੈਨ ਬਲਾਕ ਸੰਮਤੀ, ਹਰਜੀਤ ਸਿੰਘ ਸਰਾਂ, ਨਿੱਜੀ ਸਹਾਇਕ ਕੇਵਲ ਸਿੰਘ, ਕੁਲਦੀਪ ਸਿੰਘ, ਆਮ ਆਦਮੀ ਪਾਰਟੀ ਦੇ ਵਰਕਰ ਅਤੇ ਪਿੰਡ ਵਾਸੀ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਫ਼ਿਰੋਜ਼ਪੁਰ ਵਿੱਚ ਮੁਫ਼ਤ ਫਾਈਬਰੋਸਕੈਨ ਕੈਂਪ, ਵੱਡੀ ਗਿਣਤੀ ਵਿੱਚ ਲੋਕਾਂ ਨੇ ਕਰਵਾਈ ਜਾਂਚ



ਫ਼ਿਰੋਜ਼ਪੁਰ, 29 ਜੁਲਾਈ (ਮਨੋਹਰ ਲਾਲ) :— ਫ਼ਿਰੋਜ਼ਪੁਰ—ਮੋਗਾ ਰੋਡ ਸਥਿਤ ਅਮਨਦੀਪ ਹਸਪਤਾਲ ਵਿਖੇ ਬੁੱਧਵਾਰ ਨੂੰ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਦੇ ਸਹਿਯੋਗ ਅਤੇ ਪ੍ਰਾਚੀਨ ਸ਼੍ਰੀ ਰਾਧੇ ਕ੍ਰਿਸ਼ਨ ਮੰਦਰ ਕਮੇਟੀ ਤੇ ਸ਼੍ਰੀ ਦਿਗੰਬਰ ਜੈਨ ਪੰਚਾਇਤੀ ਮੰਦਰ ਕਮੇਟੀ ਦੇ ਸਮਰਥਨ ਨਾਲ ਮੁਫ਼ਤ ਫਾਈਬਰੋਸਕੈਨ ਜਾਂਚ ਕੈਂਪ ਲਗਾਇਆ ਗਿਆ। ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੇ ਇਸ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਆਪਣੇ ਲਿਵਰ ਦੀ ਜਾਂਚ ਕਰਵਾਈ ਅਤੇ ਮਾਹਿਰ ਡਾਕਟਰਾਂ ਤੋਂ ਸਲਾਹ ਪ੍ਰਾਪਤ ਕੀਤੀ। ਕੈਂਪ ਦੌਰਾਨ ਗੈਸਟ੍ਰੋਐਂਟਰੋਲੋਜੀ ਅਤੇ ਹੈਪਾਟੋਲੋਜੀ ਵਿਭਾਗ ਦੇ ਸੀਨੀਅਰ ਸਲਾਹਕਾਰ ਅਤੇ ਵਿਭਾਗ ਮੁਖੀ ਡਾ: ਨਦੀਮ ਅਹਿਮਦ ਨੇ ਮਰੀਜ਼ਾਂ ਦੀ ਜਾਂਚ ਕੀਤੀ ਅਤੇ ਲਿਵਰ ਤੇ ਪੇਟ ਨਾਲ ਸੰਬੰਧਿਤ ਬਿਮਾਰੀਆਂ ਦੀ ਰੋਕਥਾਮ ਅਤੇ ਇਲਾਜ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਬਦਲਦੀ ਜੀਵਨ ਸ਼ੈਲੀ ਕਾਰਨ ਫੈਟੀ ਲਿਵਰ ਅਤੇ ਹੋਰ ਲਿਵਰ ਰੋਗਾਂ ਦੇ ਮਾਮਲੇ ਤੇਜ਼ੀ ਨਾਲ ਵੱਧ ਰਹੇ ਹਨ, ਇਸ ਲਈ ਸਮੇਂ ਸਿਰ ਜਾਂਚ ਕਰਵਾਉਣਾ ਬਹੁਤ ਜ਼ਰੂਰੀ ਹੈ। ਹਸਪਤਾਲ ਪ੍ਰਬੰਧਕਾਂ ਅਨੁਸਾਰ ਆਮ ਦਿਨਾਂ ਵਿੱਚ ਕਰੀਬ 4000 ਰੁਪਏ ਦੀ ਫਾਈਬਰੋਸਕੈਨ ਜਾਂਚ ਇਸ ਕੈਂਪ ਦੌਰਾਨ ਪੂਰੀ ਤਰ੍ਹਾਂ ਮੁਫ਼ਤ ਕੀਤੀ ਗਈ। ਜਾਂਚ ਲਈ ਆਧੁਨਿਕ ਏਆਈ ਆਧਾਰਿਤ ਇਕੋਸੈਂਸ ਮਿਨੀਲ਼ 430 ਮਸ਼ੀਨ ਦੀ ਵਰਤੋਂ ਕੀਤੀ ਗਈ। ਫਾਈਬਰੋਸਕੈਨ ਇੱਕ ਨਾਨ ਇਨਵੇਸਿਵ ਜਾਂਚ ਤਕਨੀਕ ਹੈ, ਜਿਸ ਰਾਹੀਂ ਲਿਵਰ ਵਿੱਚ ਚਰਬੀ ਅਤੇ ਸਖ਼ਤੀ ਦੀ ਸਥਿਤੀ ਦਾ ਸ਼ੁਰੂਆਤੀ ਪੜਾਅ ਵਿੱਚ ਹੀ ਪਤਾ ਲਗਾਇਆ ਜਾ ਸਕਦਾ ਹੈ। ਕੈਂਪ ਦਾ ਉਦਘਾਟਨ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਅਭਿਸ਼ੇਕ ਅਰੋੜਾ ਅਤੇ ਪ੍ਰਾਚੀਨ ਸ਼੍ਰੀ ਰਾਧੇ ਕ੍ਰਿਸ਼ਨ ਮੰਦਰ ਕਮੇਟੀ ਤੇ ਸ਼੍ਰੀ ਦਿਗੰਬਰ ਜੈਨ ਪੰਚਾਇਤੀ ਮੰਦਰ ਕਮੇਟੀ ਦੇ ਅਹੁਦੇਦਾਰਾਂ ਦੀ ਹਾਜ਼ਰੀ ਵਿੱਚ ਕੀਤਾ ਗਿਆ। ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਿਹਤ ਕੈਂਪ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ ਨਾਲ ਗੰਭੀਰ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਹਸਪਤਾਲ ਵੱਲੋਂ ਭਵਿੱਖ ਵਿੱਚ ਲਗਾਏ ਜਾਣ ਵਾਲੇ ਮੁਫ਼ਤ ਸਿਹਤ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ।

# ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਅਤੇ ਸਿੱਖਿਆਵਾਂ ’ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ ਗਈ

### ਪੰਜਾਬ ਸਰਕਾਰ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਨੂੰ ਘਰ-ਘਰ ਤੱਕ ਪਹੁੰਚਾਉਣਾ



**ਜੰਡਿਆਲਾ ਗੁਰੂ , 29 ਜੁਲਾਈ (ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੂਬਾ ਭਰ ਵਿੱਚ ਕਰਵਾਏ ਜਾ ਰਹੇ ਵੱਖ-ਵੱਖ ਸਮਾਗਮਾਂ ਦੀ ਲੜੀ ਤਹਿਤ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫੇ ਅਤੇ ਮਹਾਨ ਸਿੱਖਿਆਵਾਂ ’ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਉਣ ਦਾ ਸਿਲਸਲਾ ਲਗਾਤਾਰ ਜਾਰੀ ਹੈ। ਬੀਤੀ ਸ਼ਾਮ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਰੱਖ ਦੇਵੀਦਾਸ, ਛੀਨਾ ਪੱਟੀ, ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਬੁਤਾਲਾ, ਬੁੱਢਾ ਥੇਹ ਅਤੇ ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਭੋਮਾ ਅਤੇ ਵਡਾਲਾ ਵਿਖੇ ਗੁਰੂ ਰਵਿਦਾਸ ਜੀ ਦੇ ਜੀਵਨ ’ਤੇ ਅਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ ਗਈ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਹ ਦਸਤਾਵੇਜ਼ੀ ਫਿਲਮ ਦੇਖੀ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਿੱਤੇ ਸਮਾਨਤਾ, ਪ੍ਰਭੂ ਭਗਤੀ, ਮਨੁੱਖਤਾ, ਮਿਹਨਤ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਤੋਂ ਪ੍ਰੇਰਨਾ ਹਾਸਲ ਕੀਤੀ।30 ਮਿੰਟ ਦੀ ਇਸ ਦਸਤਾਵੇਜ਼ੀ ਫਿਲਮ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸਮਾਜਿਕ ਸੁਧਾਰਾਂ ਲਈ ਉਨ੍ਹਾਂ ਦੇ ਵਿਲੱਖਣ ਯੋਗਦਾਨ, ਮਨੁੱਖੀ ਕਦਰਾਂ-ਕੀਮਤਾਂ, ਸਮਾਜਿਕ ਬਰਾਬਰੀ, ਵਿਸ਼ਵ ਭਾਈਚਾਰੇ, ਸੇਵਾ ਭਾਵਨਾ ਅਤੇ ਕਿਰਤ ਦੀ ਮਹੱਤਤਾ ਨੂੰ ਪ੍ਰਭਾਵਸ਼ਾਲੀ ਅਤੇ ਸਰਲ ਢੰਗ ਨਾਲ ਪੇਸ਼ ਕੀਤਾ ਗਿਆ ਹੈ, ਜਿਸ ਨੇ ਦਰਸ਼ਕਾਂ ’ਤੇ ਡੂੰਘਾ ਪ੍ਰਭਾਵ ਛੱਡਿਆ।ਇਸ ਮੌਕੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਉਪਦੇਸ਼ਾਂ ਨੂੰ ਆਮ ਲੋਕਾਂ, ਵਿਸ਼ੇਸ਼ ਕਰਕੇ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਲਈ ਡਾਕੂਮੈਂਟਰੀ ਫਿਲਮਾਂ ਦਾ ਪ੍ਰਦਰਸ਼ਨ ਸਮੇਂ ਦੀ ਅਹਿਮ ਲੋੜ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਨੌਜਵਾਨ ਆਪਣੇ ਮਹਾਨ ਗੁਰੂਆਂ ਦੇ ਜੀਵਨ, ਵਿਚਾਰਾਂ ਅਤੇ ਸਮਾਜਿਕ ਬਰਾਬਰੀ ਦੇ ਸੰਦੇਸ਼ ਨਾਲ ਹੋਰ ਨੇੜਿਓਂ ਜੁੜ ਸਕਣਗੇ ਅਤੇ ਸਮਾਜ ਵਿੱਚ ਆਪਸੀ ਭਾਈਚਾਰੇ ਅਤੇ ਸਦਭਾਵਨਾ ਨੂੰ ਵੀ ਹੋਰ ਮਜ਼ਬੂਤੀ ਮਿਲੇਗੀ।ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ, ਆਈ.ਏ.ਐੱਸ. ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਨੂੰ ਘਰ-ਘਰ ਤੱਕ ਪਹੁੰਚਾਉਣਾ ਅਤੇ ਸਮਾਜ ਵਿੱਚ ਸਮਾਨਤਾ, ਭਾਈਚਾਰੇ, ਮਨੁੱਖਤਾ ਅਤੇ ਸਮਾਜਿਕ ਸਦਭਾਵਨਾ ਦੇ ਮੁੱਲਾਂ ਨੂੰ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਇਸ ਮੰਤਵ ਨੂੰ ਸਾਕਾਰ ਕਰਨ ਲਈ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਡਾਕੂਮੈਂਟਰੀ ਵੈਨ ਰਾਹੀਂ ਦਸਤਾਵੇਜ਼ੀ ਫਿਲਮ ਦਿਖਾਉਣ ਦਾ ਸਿਲਸਲਾ ਲਗਾਤਾਰ ਜਾਰੀ ਰਹੇਗਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜਦੋਂ ਵੀ ਉਨ੍ਹਾਂ ਦੇ ਪਿੰਡਾਂ ਵਿੱਚ ਪਬਲੀਸਿਟੀ ਵੈਨ ਦਸਤਾਵੇਜ਼ੀ ਫਿਲਮ ਦਿਖਾਉਣ ਪਹੁੰਚੇ ਤਾਂ ਸਾਰੇ ਪੂਰੇ ਉਤਸ਼ਾਹ ਨਾਲ ਇਸ ਦਸਤਾਵੇਜ਼ੀ ਫਿਲਮ ਨੂੰ ਦੇਖਣ।

ਆਵਾਜ਼ਿ ਕੌਮ AWAZE QAUM

### ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਜਾਬ ਸਰਕਾਰ ਵਿਰੁੱਧ ਚੰਡੀਗੜ੍ਹ ਵਿੱਚ ਬੇਮਿਸਾਲ ਇਕੱਠ

# ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਅਤੇ ਸਮੂਹ ਸਿੱਖ ਬੰਦੀ ਸਿੰਘਾਂ ਦੀ ਰਿਹਾਈ ਲਈ ਮੁੱਖ ਮੰਤਰੀ ਨਿਵਾਸ ਦਾ ਘਿਰਾਓ





**ਚੰਡੀਗੜ੍ਹ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਸੱਦੇ 'ਤੇ ਅੱਜ ਪੰਜਾਬ ਦੇ ਲੋਕਤੰਤਰੀ, ਸਮਾਜਿਕ ਅਤੇ ਇਨਸਾਫ਼ ਨਾਲ ਜੁੜੇ ਅਹਿਮ ਮਸਲਿਆਂ ਨੂੰ ਲੈ ਕੇ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੇ ਸਰਕਾਰੀ ਨਿਵਾਸ ਦਾ ਵਿਸ਼ਾਲ ਘਿਰਾਓ ਕੀਤਾ ਗਿਆ। ਇਸ ਤੋਂ ਪਹਿਲਾਂ ਪੰਜਾਬ ਦੇ ਕੋਨੇ-ਕੋਨੇ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਪਾਰਟੀ ਵਰਕਰ, ਆਗੂ ਅਤੇ ਸੰਗਤਾਂ ਗੁਰਦੁਆਰਾ ਸ੍ਰੀ ਅੰਬ ਸਾਹਿਬ, ਮੋਹਾਲੀ (ਚੰਡੀਗੜ੍ਹ) ਵਿਖੇ ਇਕੱਤਰ ਹੋਏ। ਉੱਥੇ ਅਰਦਾਸ ਉਪਰੰਤ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਵਿਸ਼ਾਲ ਪੈਦਲ ਰੋਸ ਮਾਰਚ ਸ਼ੁਰੂ ਕੀਤਾ ਗਿਆ। ਮਾਰਚ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਾਮਲ ਵਰਕਰਾਂ ਨੇ "ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨੂੰ ਰਿਹਾਅ ਕਰੋ÷, "ਸਮੂਹ ਸਿੱਖ ਬੰਦੀ ਸਿੰਘਾਂ ਨੂੰ ਰਿਹਾਅ ਕਰੋ" ਅਤੇ ਹੋਰ ਇਨਸਾਫ਼ ਪੱਖੀ ਨਾਅਰੇ ਲਗਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਵਾਸ ਵੱਲ ਕੂਚ ਕੀਤਾ। ਰੋਸ ਪ੍ਰਦਰਸ਼ਨ ਉਪਰੰਤ ਪੰਜਾਬ ਸਰਕਾਰ ਦੇ ਨਾਮ ਮੰਗ-ਪੱਤਰ ਸੌਂਪਦਿਆਂ ਆਗੂਆਂ ਨੇ ਕਿਹਾ ਕਿ ਹਲਕਾ ਖਡੂਰ ਸਾਹਿਬ ਦੀ ਸਮੁੱਚੀ ਸੰਗਤ ਨੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਰਿਕਾਰਡ ਬਹੁਮਤ ਨਾਲ ਲੋਕ ਸਭਾ ਲਈ ਚੁਣ ਕੇ ਲੋਕਤੰਤਰ ਵਿੱਚ ਆਪਣਾ ਅਟੁੱਟ ਵਿਸ਼ਵਾਸ ਪ੍ਰਗਟਾਇਆ ਹੈ। ਆਗੂਆਂ ਨੇ ਮੰਗ ਕੀਤੀ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਵਿਰੁੱਧ ਦਰਜ ਝੂਠੇ ਕੇਸ ਰੱਦ ਕਰਕੇ ਉਨ੍ਹਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ, ਤਾਂ ਜੋ ਉਹ ਆਪਣੇ ਸੰਸਦੀ ਫ਼ਰਜ਼ ਨਿਭਾ ਸਕਣ। ਨਾਲ ਹੀ ਉਨ੍ਹਾਂ ਨੂੰ ਕਾਨੂੰਨ ਅਨੁਸਾਰ ਪ੍ਰਾਪਤ ਸਾਰੇ ਸੰਸਦੀ ਅਧਿਕਾਰ, ਸਹੂਲਤਾਂ ਅਤੇ ਆਪਣੇ ਹਲਕੇ ਦੇ ਵਿਕਾਸ ਲਈ ਉਪਲਬਧ ਸਾਧਨ ਮੁਹੱਈਆ ਕਰਵਾਏ ਜਾਣ। ਇਸ ਦੇ ਨਾਲ ਹੀ ਸਮੂਹ ਸਿੱਖ ਬੰਦੀ ਸਿੰਘਾਂ, ਖ਼ਾਸ ਕਰਕੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਅਤੇ ਲੰਬੇ ਸਮੇਂ ਤੋਂ ਨਜ਼ਰਬੰਦ ਸਿੰਘਾਂ ਦੀ ਰਿਹਾਈ ਯਕੀਨੀ ਬਣਾਉਣ ਦੀ ਮੰਗ ਵੀ ਕੀਤੀ ਗਈ। ਮੰਗ-ਪੱਤਰ ਵਿੱਚ ਇਸ ਤੋਂ ਇਲਾਵਾ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਕਤਲ ਕੇਸ ਵਿੱਚ ਦੋਸ਼ੀ ਕਰਾਰ ਦਿੱਤੇ ਗਏ ਪੁਲਿਸ ਅਧਿਕਾਰੀਆਂ ਦੀ ਰਿਹਾਈ ਤੋਂ ਬਾਅਦ ਉਨ੍ਹਾਂ ਦੇ ਟਿਕਾਣਿਆਂ ਬਾਰੇ ਜਨਤਕ ਜਾਣਕਾਰੀ ਦੇਣ ਅਤੇ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਵੀ ਮੰਗ ਕੀਤੀ ਗਈ। ਇਸ ਮੌਕੇ ਪੰਜਾਬ ਵਿੱਚ ਦਲਿਤ ਭਾਈਚਾਰੇ ਨਾਲ ਹੋ ਰਹੇ ਕਥਿਤ ਵਿਤਕਰੇ ਅਤੇ ਜ਼ੁਲਮ ਨੂੰ ਰੋਕਣ, ਬਰਨਾਲਾ ਵਿਖੇ ਸਫ਼ਾਈ ਕਰਮਚਾਰੀਆਂ ਨਾਲ ਹੋਈ ਕਥਿਤ ਕੁੱਟਮਾਰ ਦੀ ਨਿਰਪੱਖ ਜਾਂਚ ਕਰਵਾ ਕੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਵੀ ਮੰਗ ਕੀਤੀ ਗਈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਲੋਕਾਂ ਦੀਆਂ ਭਾਵਨਾਵਾਂ ਦਾ ਸਨਮਾਨ ਕਰਦਿਆਂ ਸੰਵਿਧਾਨਕ ਮਰਿਆਦਾਵਾਂ ਅਤੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਇਨ੍ਹਾਂ ਸਾਰੇ ਮਸਲਿਆਂ 'ਤੇ ਤੁਰੰਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਕਰਨੀ ਚਾਹੀਦੀ ਹੈ। ਇਸ ਮੌਕੇ ਸੀਨੀਅਰ ਲੀਡਰਸ਼ਿਪ ਵਿੱਚੋਂ ਮਾਤਾ ਬਲਵਿੰਦਰ ਕੌਰ ਜੀ, ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ ਜੀ, ਬੀਬੀ ਸੰਦੀਪ ਕੌਰ ਜੀ, ਸ੍ਰ. ਮਨਪ੍ਰੀਤ ਸਿੰਘ ਇਆਲੀ (ਐਮ.ਐਲ.ਏ. ਹਲਕਾ ਦਾਖਾਂ ), ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ ਜੀ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ ਜੀ, ਭਾਈ ਕਾਬਲ ਸਿੰਘ, ਬਾਬੂ ਸਿੰਘ ਬਰਾੜ, ਭਾਈ ਇਕਬਾਲ ਸਿੰਘ ਝੂੰਦਾ, ਚਾਚਾ ਸੁਖਚੈਨ ਸਿੰਘ, ਭਾਈ ਪਲਵਿੰਦਰ ਸਿੰਘ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜੁਗਰਾਜ ਸਿੰਘ ਉਦੋਨੰਗਲ, ਭਾਈ ਦਲੇਰ ਸਿੰਘ ਡੋਡ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਐਡਵੋਕੇਟ ਅਜੇਪਾਲ ਸਿੰਘ ਢਿਲੋਂ, ਐਡਵੋਕੇਟ ਇਮਾਨ ਸਿੰਘ ਖਾਰਾ, ਭਾਈ ਚਮਕੌਰ ਸਿੰਘ ਧੁੰਨ, ਭਾਈ ਇਕਬਾਲ ਸਿੰਘ ਸੰਧੂ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਜਸਕਰਨ ਸਿੰਘ ਰਿਆੜ, ਭਾਈ ਕਰਨਵੀਰ ਸਿੰਘ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਸਰਤਾਜ ਸਿੰਘ, ਬੀਬੀ ਹਰਪ੍ਰੀਤ ਕੌਰ, ਪ੍ਰੋਫੈਸਰ ਸਤਨਾਮ ਕੌਰ, ਬੀਬੀ ਮਨਜੀਤ ਕੌਰ, ਭਾਈ ਰਮਨਦੀਪ ਸਿੰਘ ਮੁੰਡਾਪਿੰਡ, ਨਵਜੋਤ ਕੌਰ ਲੰਬੀ, ਭਾਨਾ ਸਿੱਧੂ, ਲੱਖਾ ਸਿੰਘ ਸਿਧਾਣਾਂ, ਸਰਬਜੀਤ ਸਿੰਘ ਖਾਨਪੁਰ, ਜੁਗਰਾਜ ਸਿੰਘ ਲਾਲਾਨੰਗਲ, ਭਾਈ ਰਸ਼ਪਾਲ ਸਿੰਘ ਸੋਸਣ, ਪਰਮਜੀਤ ਸਿੰਘ ਵਣੀਏਕੇ, ਬਾਬਾ ਬਿਬੇਕ ਸਿੰਘ, ਭਾਈ ਦਯਾ ਸਿੰਘ, ਭਾਈ ਦਵਿੰਦਰ ਸਿੰਘ ਰਣੀਆ, ਭਾਈ ਬਲਦੇਵ ਸਿੰਘ ਮਾਣੂੰਕੇ, ਦਲਜੀਤ ਸਿੰਘ ਮਿਆਦੀਆ, ਭਾਈ ਜਸਵਿੰਦਰ ਸਿੰਘ ਡਰੌਲੀ, ਭਾਈ ਨਰਿੰਦਰ ਸਿੰਘ ਕਲਸੀ, ਬਾਬਾ ਹਰਪ੍ਰੀਤ ਸਿੰਘ, ਐਡਵੋਕੇਟ ਗੁਰਜੀਤ ਸਿੰਘ, ਭਾਈ ਜਸਵਿੰਦਰ ਸਿੰਘ ਕਾਹਨੂੰਵਾਨ, ਭਾਈ ਸੁਖਬੀਰ ਸਿੰਘ ਵਲਟੋਹਾ, ਰਜਿੰਦਰ ਸਿੰਘ ਤਲਵੰਡੀ, ਭਾਈ ਅਮਨਦੀਪ ਸਿੰਘ ਨਾਰਲੀ, ਭਾਈ ਗੁਰਚਰਨ ਸਿੰਘ ਸੰਘਾ, ਭਾਈ ਬਲਵੰਤ ਸਿੰਘ ਸਿਰਸਾ, ਬਲਜੀਤ ਸਿੰਘ ਚਾਟੀਵਿੰਡ, ਬੀਬੀ ਰਾਜਵਿੰਦਰ ਕੌਰ ਘੜਾਮ, ਭਾਈ ਹਰਕਮਲਪ੍ਰੀਤ ਸਿੰਘ, ਭਾਈ ਗੁਰਵਿੰਦਰ ਸਿੰਘ ਝੰਡੇਰ, ਬਾਬਾ ਰਾਜਾ ਰਾਜ ਸਿੰਘ ਜੀ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਸੁਖਰਾਜ ਸਿੰਘ ਸੁਲਤਾਨਵਿੰਡ, ਮਨਵਿੰਦਰ ਸਿੰਘ ਕਾਨੂੰਵਾਨ, ਸਵਰਨ ਸਿੰਘ ਗੋਲਡਨ, ਬਲਦੇਵ ਸਿੰਘ ਜੱਲੂਪੁਰ, ਨਰਿੰਦਰ ਸਿੰਘ ਕਲਸੀ, ਜਰਮਨਦੀਪ ਸਿੰਘ, ਪ੍ਰਭਜੋਤ ਸਿੰਘ ਗੁਰਦਾਸਪੁਰ, ਹਰਜਿੰਦਰ ਸਿੰਘ ਜੀਰਾ, ਭਾਈ ਅਮਨਦੀਪ ਸਿੰਘ ਅਬੀਆਣਾ, ਭਾਈ ਜਤਿੰਦਰ ਸਿੰਘ, ਬਾਬਾ ਗੁਰਪਾਲ ਸਿੰਘ, ਬਾਬਾ ਜਰਨਦੀਪ ਸਿੰਘ, ਭਾਈ ਚਰਨਜੀਤ ਸਿੰਘ ਗਾਲਿਬ ਅਤੇ ਹੋਰ ਵੱਡੀ ਗਿਣਤੀ ਵਿੱਚ ਪਾਰਟੀ ਆਗੂ 'ਤੇ ਵਰਕਰ ਅਤੇ ਸੰਗਤਾਂ ਹਾਜ਼ਰ ਸਨ।

**ਗੁਰਦੁਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਤੋਂ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਹਜ਼ਾਰਾਂ ਵਰਕਰਾਂ ਨੇ ਕੱਢਿਆ ਵਿਸ਼ਾਲ ਰੋਸ ਮਾਰਚ**

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਬੰਡਾਲਾ ਵਿਖੇ ਸ੍ਰ ਈ.ਟੀ.ਓ ਨੇ 80 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਭਾਈ ਮਰਦਾਨਾ ਜੀ ਕਮਿਊਨਿਟੀ ਹਾਲ ਦਾ ਨੀਂਹ ਪੱਥਰ ਰੱਖਿਆ



**ਜੰਡਿਆਲਾ ਗੁਰੂ 29 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ 1 ਅਗਸਤ ਨੂੰ ਮੁੜ ਯੋਗ ਮਹਿਲਾ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਰਾਸ਼ੀ ਜਮ੍ਹਾਂ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਯੋਜਨਾ ਦੇਸ਼ ਭਰ ਵਿੱਚ ਆਪਣੀ ਕਿਸਮ ਦੀ ਵਿਲੱਖਣ ਪਹਿਲ ਹੈ, ਜਿਸ ਨਾਲ ਹਜ਼ਾਰਾਂ ਮਹਿਲਾਵਾਂ ਨੂੰ ਆਰਥਿਕ ਸਹਾਰਾ ਅਤੇ ਸਨਮਾਨ ਮਿਲ ਰਿਹਾ ਹੈ।ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਬੰਡਾਲਾ ਵਿਖੇ ਕਰਵਾਏ ਗਏ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਸੰਬੋਧਨ ਕਰਦਿਆਂ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਕਥਨੀ ਅਤੇ ਕਰਨੀ ਵਿੱਚ ਕੋਈ ਅੰਤਰ ਨਹੀਂ ਹੈ ਅਤੇ ਹਰ ਵਰਗ ਦੀ ਭਲਾਈ ਨੂੰ ਧਿਆਨ ਵਿੱਚ ਰੱਖ ਕੇ ਲੋਕ-ਹਿਤੈਸ਼ੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਔਰਤਾਂ, ਕਿਸਾਨਾਂ, ਨੌਜਵਾਨਾਂ, ਮਜ਼ਦੂਰਾਂ ਅਤੇ ਸਮਾਜ ਦੇ ਹਰ ਵਰਗ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਾਇਆ ਜਾ ਰਿਹਾ ਹੈ।ਇਸ ਮੌਕੇ ਸ. ਹਰਭਜਨ ਸਿੰਘ ਈ.ਟੀ.ਓ. ਨੇ ਪੰਜਾਬ ਸਰਕਾਰ ਵੱਲੋਂ 80 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਬੰਡਾਲਾ ਵਿਖੇ ਬਣਨ ਵਾਲੇ ਭਾਈ ਮਰਦਾਨਾ ਜੀ ਕਮਿਊਨਿਟੀ ਹਾਲ ਦਾ ਨੀਂਹ ਪੱਥਰ ਵੀ ਰੱਖਿਆ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਸਮਾਜਿਕ ਅਤੇ ਭਾਈਚਾਰਕ ਸਮਾਗਮਾਂ ਲਈ ਸਹੂਲਤਾਂ ਉਪਲਬਧ ਹੋਣਗੀਆਂ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਹ ਕੰਮ ਨਿਰਧਾਰਤ ਸਮੇਂ ਅੰਦਰ ਉੱਚ ਗੁਣਵੱਤਾ ਦੇ ਮਿਆਰਾਂ ਅਨੁਸਾਰ ਮੁਕੰਮਲ ਕੀਤਾ ਜਾਵੇ।ਲੋਕ ਮਿਲਣੀ ਪ੍ਰੋਗਰਾਮ ਦੌਰਾਨ ਲੋਕ ਨਿਰਮਾਣ ਮੰਤਰੀ ਨੇ ਲੋਕਾਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਵੀ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਉਨ੍ਹਾਂ ਦੇ ਜਲਦ ਨਿਪਟਾਰੇ ਲਈ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਬਾਰੇ ਵੀ ਜਾਣੂ ਕਰਵਾਇਆ ਅਤੇ ਵੱਧ ਤੋਂ ਵੱਧ ਯੋਗ ਵਿਅਕਤੀਆਂ ਨੂੰ ਇਨ੍ਹਾਂ ਯੋਜਨਾਵਾਂ ਦਾ ਲਾਭ ਲੈਣ ਦੀ ਅਪੀਲ ਕੀਤੀ।ਇਸ ਮੌਕੇ ਚੇਅਰਮੈਨ ਅਮਰੀਕ ਸਿੰਘ ਸੋਢੀ ਅਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨਾਮਵਰ ਕਹਾਣੀਕਾਰ ਪ੍ਰਿੰਸੀਪਲ ਸੁਜਾਨ ਸਿੰਘ ਦੀ ਯਾਦ ਵਿੱਚ ਜ਼ਿਲ੍ਹਾ ਭਾਸ਼ਾ ਦਫ਼ਤਰ ਵੱਲੋਂ ਕਰਵਾਇਆ ਗਿਆ ਕਹਾਣੀ ਦਰਬਾਰ

ਪਠਾਨਕੋਟ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)- ਪੰਜਾਬ ਸਰਕਾਰ ਦੀ ਸੁਚੱਜੀ ਰਹਿਨੁਮਾਈ, ਭਾਸ਼ਾ ਵਿਭਾਗ ਪੰਜਾਬ ਦੀ ਯੋਗ ਅਗਵਾਈ ਅਤੇ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਸ੍ਰੀ ਜਸਵੰਤ ਸਿੰਘ ਜ਼ਫ਼ਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ, ਪਠਾਨਕੋਟ ਵੱਲੋਂ ਐੱਸ.ਐੱਮ.ਡੀ.ਆਰ.ਐੱਸ.ਡੀ. ਕਾਲਜ ਆਫ਼ ਐਜੂਕੇਸ਼ਨ, ਪਠਾਨਕੋਟ ਵਿਖੇ ਨਾਮਵਰ ਕਹਾਣੀਕਾਰ ਪ੍ਰਿੰਸੀਪਲ ਸੁਜਾਨ ਸਿੰਘ ਦੀ ਯਾਦ ਨੂੰ ਸਮਰਪਿਤ ਕਹਾਣੀ ਦਰਬਾਰ ਅਤੇ ਉਨ੍ਹਾਂ ਦੇ ਪੰਜਾਬੀ ਕਹਾਣੀ ਸਾਹਿਤ ਵਿੱਚ ਅਹਿਮ ਯੋਗਦਾਨ ਸਬੰਧੀ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਪ੍ਰੋ. ਰਮਾ ਕੁਮਾਰੀ ਨੇ ਆਏ ਹੋਏ ਮੁੱਖ ਮਹਿਮਾਨਾਂ, ਸਾਹਿਤਕਾਰਾਂ, ਕਾਲਜ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਅਤੇ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ। ਇਸ ਉਪਰੰਤ ਵਿਭਾਗੀ ਧੁਨੀ ਨਾਲ ਪ੍ਰੋਗਰਾਮ ਦਾ ਰਸਮੀ ਆਗਾਜ਼ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਡਾ. ਸੁਖਵਿੰਦਰ ਸਿੰਘ (ਸੇਵਾਮੁਕਤ ਪ੍ਰੋਫੈਸਰ ਅਤੇ ਸਾਬਕਾ ਮੁਖੀ, ਪੰਜਾਬੀ ਵਿਭਾਗ, ਏ.ਬੀ. ਕਾਲਜ, ਪਠਾਨਕੋਟ), ਵਿਸ਼ੇਸ਼ ਮਹਿਮਾਨ ਡਾ. ਸਤਿੰਦਰ ਕੌਰ ਕਾਹਲੋਂ (ਪ੍ਰਿੰਸੀਪਲ, ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਸੁਜਾਨਪੁਰ) ਅਤੇ ਡਾ. ਜਸਪ੍ਰੀਤ ਕੌਰ (ਸਹਾਇਕ ਪ੍ਰੋਫੈਸਰ, ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਪਠਾਨਕੋਟ) ਨੂੰ ਪੌਦੇ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੇ ਪਹਿਲੇ ਸੈਸ਼ਨ ਵਿੱਚ ਡਾ. ਲੇਖ ਰਾਜ (ਸੇਵਾਮੁਕਤ ਲੈਕਚਰਾਰ) ਨੇ ਪ੍ਰਿੰਸੀਪਲ ਸੁਜਾਨ ਸਿੰਘ ਦੇ ਜੀਵਨ, ਸਾਹਿਤਕ ਸਫ਼ਰ ਅਤੇ ਪੰਜਾਬੀ ਕਹਾਣੀ ਸਾਹਿਤ ਨੂੰ ਦਿੱਤੇ ਉਨ੍ਹਾਂ ਦੇ ਵਿਲੱਖਣ ਯੋਗਦਾਨ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਇਸ ਤੋਂ ਬਾਅਦ ਕਰਵਾਏ ਗਏ ਕਹਾਣੀ ਦਰਬਾਰ ਵਿੱਚ ਬਿਸ਼ਨ ਦਾਸ ਬਿਸ਼ਨ, ਪ੍ਰੋ. ਗੀਤਾਂਜਲੀ, ਤੇਜਿੰਦਰ ਸਾਂਵਲ, ਰਮਨਦੀਪ ਕੌਰ, ਦੀਕਸ਼ਾ ਮਹਾਜਨ, ਜਸਵਿੰਦਰ ਅਨਮੋਲ, ਰਾਜੇਸ਼ ਫੂਲਪੁਰੀ, ਰੰਜਨਾ, ਗੁਰਦੀਪ ਕੁਮਾਰ ਸਫ਼ਰੀ ਅਤੇ ਅਕਾਸ਼ ਸਮੇਤ ਕਈ ਸਾਹਿਤਕਾਰਾਂ ਨੇ ਆਪਣੀਆਂ ਮੌਲਿਕ ਕਹਾਣੀਆਂ ਪੇਸ਼ ਕੀਤੀਆਂ। ਵਿਸ਼ੇਸ਼ ਗੱਲ ਇਹ ਰਹੀ ਕਿ ਕੁਝ ਨਵੇਂ ਲੇਖਕਾਂ ਨੇ ਪਹਿਲੀ ਵਾਰ ਆਪਣੀਆਂ ਕਹਾਣੀਆਂ ਪੇਸ਼ ਕਰਕੇ ਸਾਹਿਤਕ ਖੇਤਰ ਵਿੱਚ ਨਵੀਂ ਪੀੜ੍ਹੀ ਦੀ ਸਾਰਥਕ ਭਾਗੀਦਾਰੀ ਦਾ ਸੰਦੇਸ਼ ਦਿੱਤਾ। ਪੇਸ਼ ਕੀਤੀਆਂ ਗਈਆਂ ਸਾਰੀਆਂ ਕਹਾਣੀਆਂ ਸਮਾਜਿਕ ਸਰੋਕਾਰਾਂ ਅਤੇ ਸਕਾਰਾਤਮਕ ਸੋਚ ਨੂੰ ਪ੍ਰਗਟਾਉਣ ਵਾਲੀਆਂ ਸਨ। ਰਾਜ ਗੁਰਦਾਸਪੁਰੀ ਨੇ ਪ੍ਰਿੰਸੀਪਲ ਸੁਜਾਨ ਸਿੰਘ ਦੀ ਯਾਦ ਵਿੱਚ ਪ੍ਰਭਾਵਸ਼ਾਲੀ ਸ਼ੇਅਰ ਪੇਸ਼ ਕੀਤੇ। ਡਾ. ਕੇਵਲ ਕਿਸ਼ਨ ਅਤੇ ਡਾ. ਸਰਬਜੀਤ ਕੌਰ ਨੇ ਸਮਾਗਮ ਸਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ। ਡਾ. ਜਸਪ੍ਰੀਤ ਕੌਰ ਨੇ ਕਹਾਣੀ ਦੇ ਨਿਕਾਸ ਅਤੇ ਵਿਕਾਸ ਬਾਰੇ ਚਰਚਾ ਕਰਦਿਆਂ ਵਿਦਿਆਰਥੀਆਂ ਨੂੰ ਰਚਨਾਤਮਕ ਲੇਖਣ ਵੱਲ ਪ੍ਰੇਰਿਤ ਕੀਤਾ। ਡਾ. ਸਤਿੰਦਰ ਕੌਰ ਕਾਹਲੋਂ ਨੇ ਪ੍ਰਿੰਸੀਪਲ ਸੁਜਾਨ ਸਿੰਘ ਦੇ ਸਾਹਿਤਕ ਯੋਗਦਾਨ ਨੂੰ ਯਾਦ ਕਰਦਿਆਂ ਨੌਜਵਾਨਾਂ ਨੂੰ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨਾਲ ਜੁੜੇ ਰਹਿਣ ਦਾ ਸੱਦਾ ਦਿੱਤਾ। ਮੁੱਖ ਮਹਿਮਾਨ ਡਾ. ਸੁਖਵਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਕਹਾਣੀ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਸਮਾਜ ਨੂੰ ਸਹੀ ਦਿਸ਼ਾ ਦੇਣ ਅਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਦਾ ਪ੍ਰਭਾਵਸ਼ਾਲੀ ਮਾਧਿਅਮ ਹੈ। ਸਮਾਗਮ ਦੇ ਅੰਤ ਵਿੱਚ ਕਹਾਣੀ ਪੇਸ਼ ਕਰਨ ਵਾਲੇ ਸਾਹਿਤਕਾਰਾਂ ਅਤੇ ਮਹਿਮਾਨਾਂ ਨੂੰ ਭਾਸ਼ਾ ਵਿਭਾਗ ਵੱਲੋਂ ਪੁਸਤਕਾਂ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਕਾਲਜ ਦੇ ਮੈਡਮ ਮੀਨਾਕਸ਼ੀ ਵਿੱਗ ਨੇ ਸਮੂਹ ਮਹਿਮਾਨਾਂ ਦਾ ਧੰਨਵਾਦ ਕੀਤਾ। ਅੰਤ ਵਿੱਚ ਡਾ. ਰਾਜੇਸ਼ ਕੁਮਾਰ, ਖੋਜ ਅਫ਼ਸਰ ਨੇ ਸਮੂਹ ਸਾਹਿਤਕਾਰਾਂ, ਮਹਿਮਾਨਾਂ, ਕਾਲਜ ਪ੍ਰਬੰਧਕ ਕਮੇਟੀ, ਵਿਦਿਆਰਥੀਆਂ ਅਤੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਇਹ ਸਾਹਿਤਕ ਸਮਾਗਮ ਬੇਹੱਦ ਸਫ਼ਲ ਰਿਹਾ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਪ੍ਰੋ. ਰਮਾ ਕੁਮਾਰੀ ਨੇ ਬਾਖ਼ੂਬੀ ਨਿਭਾਈ। ਦਫ਼ਤਰੀ ਸਟਾਫ਼ ਜੁਗਲ ਕਿਸ਼ੋਰ, ਕਮਲ ਕਿਸ਼ੋਰ ਅਤੇ ਰਮਾਕਾਂਤ ਨੇ ਵੀ ਸਮਾਗਮ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243